ਰੋਜ਼ਾਨਾ ਸੱਚ ਤੇ ਨਿਡਰ ਆਵਾਜ਼
ਲੋਕ ਬਾਣੀ
ਐਤਵਾਰ, 19 ਮਾਰਚ 2023

Email : lokbani08@gmail.com
dailylokbani

# ਸੰਡੇ ਸਪੈਸ਼ਲ



# ਬੱਚਿਆਂ ਨਾਲ ਦੋਸਤਾਂ ਦੀ ਤਰ੍ਹਾਂ ਰਹਿਣ ਮਾਂ-ਬਾਪ


**ਤਕਰੀਬਨ** 25-30 ਸਾਲ ਪਹਿਲਾਂ ਮਾਪੇ ਆਪਣੇ ਬੱਚਿਆਂ ਪ੍ਰਤੀ ਉਨ੍ਹਾਂ ਲਈ ਸੁਪਨੇ ਬਚਪਨ 'ਚ ਹੀ ਬੁਣਨ ਲੱਗ ਜਾਂਦੇ ਸਨ ਕਿ ਅਸੀਂ ਆਪਣੇ ਬੱਚੇ ਨੂੰ ਆਪਣੇ ਪਿਤਾਪੁਰਖੀ ਕੰਮ ਹੀ ਸਿਖਾਵਾਂਗੇ। ਉਦੋਂ ਮਾਪੇ ਆਪਣੇ ਬੱਚਿਆਂ ਨੂੰ ਅੱਜ ਦੇ ਸਮਾਰਟ ਬੱਚਿਆਂ ਵਾਂਗ ਬਣਾਉਣ 'ਚ ਬਹੁਤ ਘੱਟ ਜਾਗਰੂਕ ਹੁੰਦੇ ਸਨ।ਇਸ ਦਾ ਵੱਡਾ ਕਾਰਨ ਮਾਪਿਆਂ ਦਾ ਘੱਟ ਪੜ੍ਹਿਆ-ਲਿਖਿਆ ਹੋਣਾ, ਸੀਮਤ ਸੰਚਾਰ ਦੇ ਸਾਧਨ ਹੋਣੇ, ਆਵਾਜਾਈ ਦੇ ਸਾਧਨਾਂ ਦੀ ਘਾਟ, ਬੱਚਿਆਂ ਪ੍ਰਤੀ ਅਸੁਰੱਖਿਆ ਦੀ ਭਾਵਨਾ ਸੀ। ਜਿਵੇਂ-ਜਿਵੇਂ ਸਮਾਂ ਅੱਗੇ ਵਧਦਾ ਗਿਆ, ਵਿਗਿਆਨ ਤਰੱਕੀ ਕਰਦੀ ਗਈ, ਸੰਚਾਰ ਤੇ ਆਵਾਜਾਈ ਦੇ ਸਾਧਨਾਂ ਦਾ ਵਿਕਾਸ ਹੁੰਦਾ ਗਿਆ, ਰੁਪਏ-ਪੈਸੇ ਦੀ ਅਹਿਮੀਅਤ ਦਾ ਪਤਾ ਲੱਗਣਾ ਸ਼ੁਰੂ ਹੋਇਆ ਤਾਂ ਸਮਾਜ 'ਚ ਵੀ ਬਦਲਾਅ ਹੁੰਦੇ ਗਏ। ਇਨ੍ਹਾਂ ਸਭ ਤਬਦੀਲੀਆਂ ਦਾ ਅਸਰ ਮਾਪਿਆਂ ਦੇ ਦਿਮਾਗ 'ਤੇ ਵੀ ਪੈਣਾ ਸ਼ੁਰੂ ਹੋਇਆ। ਹੌਲੀ-ਹੌਲੀ ਉਨ੍ਹਾਂ ਨੇ ਵੀ ਆਪਣੇ ਵਿਚਾਰਾਂ 'ਚ ਤਬਦੀਲੀ ਲਿਆਉਣੀ ਸ਼ੁਰੂ ਕਰ ਦਿੱਤੀ।

## ਬਣਾਓ ਦੋਸਤਾਨਾ ਸਬੰਧ

**ਜਿਵੇਂ-ਜਿਵੇਂ** ਬੱਚਾ ਵੱਡਾ ਹੁੰਦਾ ਜਾਂਦਾ ਹੈ, ਮਾਪਿਆਂ ਨੂੰ ਵੀ ਇਸ ਸਮੇਂ ਦੌਰਾਨ ਆਪਣੇ ਬੱਚਿਆਂ ਦੇ ਦੋਸਤ ਬਣਨਾ ਚਾਹੀਦਾ ਹੈ। ਇਨ੍ਹਾਂ ਦਿਨਾਂ ਦੌਰਾਨ ਕੁਝ ਮਾਪੇ ਆਪਣੇ ਬੱਚਿਆਂ ਨਾਲ ਅਜੇ ਵੀ 3 ਸਾਲ ਦੀ ਉਮਰ ਦੇ ਬੱਚੇ ਵਾਂਗ ਹੀ ਵਿਹਾਰ ਕਰਦੇ ਹਨ, ਜਿਸ ਕਰਕੇ ਬੱਚੇ ਸਹੀ ਫ਼ੈਸਲੇ ਲੈਣ ਲਈ ਸੰਕੋਚ 'ਚ ਰਹਿੰਦੇ ਹਨ। ਮਾਪੇ ਨੂੰ ਇਸ ਉਮਰ 'ਚ ਆਪਣੇ ਬੱਚਿਆਂ ਦੇ ਦੋਸਤ ਬਣ ਜਾਣਾ ਚਾਹੀਦਾ ਹੈ ਤੇ ਉਨ੍ਹਾਂ ਨਾਲ ਹਰ ਵਿਸ਼ੇ 'ਤੇ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਹੈ। ਜਦੋਂ ਤੁਸੀਂ ਆਪਣੇ ਬੱਚਿਆਂ ਨਾਲ ਦੋਸਤਾਨਾ ਸਬੰਧ ਬਣਾਓਗੇ, ਤਾਂ ਉਹ ਵੀ ਤੁਹਾਨੂੰ ਆਪਣੀ ਹਰ ਗੱਲ ਬੇਝਿਜਕ ਦੱਸਣਗੇ।

## ਬੱਚਿਆਂ ਨੂੰ ਦਿਉ ਸਮਾਂ

ਕਈ ਵਾਰ ਮਾਪੇ ਆਪਣੇ ਬੱਚੇ ਨੂੰ ਕੋਈ ਗਿਫ਼ਟ ਦੇ ਕੇ ਉਸ ਦੇ ਚਿਹਰੇ 'ਤੇ ਕੁਝ ਸਮੇਂ ਲਈ ਤਾਂ ਖ਼ੁਸ਼ੀ ਲਿਆ ਸਕਦੇ ਹਨ ਪਰ ਇਹ ਸਮੱਸਿਆ ਦਾ ਕੋਈ ਪੱਕਾ ਹੱਲ ਨਹੀਂ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਪੈਸੇ ਤੋਂ ਵੱਧ ਖ਼ੁਦ ਆਪਣੇ ਬੱਚਿਆਂ ਨਾਲ ਮੇਲ-ਜੋਲ ਵਧਾਉਣ। ਭਾਵਨਾਤਮਿਕ ਤੌਰ 'ਤੇ ਬੱਚਿਆਂ ਨਾਲ ਜੁੜਨਾ ਔਖਾ ਨਹੀਂ ਹੈ। ਘਰ 'ਚ ਭਾਵਨਾਤਮਿਕ ਤੌਰ 'ਤੇ ਆਪਣੇ ਬੱਚਿਆਂ ਨਾਲ ਜੁੜਨ ਲਈ ਸਭ ਤੋਂ ਪਹਿਲਾਂ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਮਾਂ ਦੇਣਾ ਪਵੇਗਾ। ਆਪਣੇ ਬੱਚਿਆਂ ਦੇ ਵਿਚਾਰ ਵੀ ਖੁੱਲ੍ਹ ਕੇ ਸਮਝਣੇ ਪੈਣਗੇ। ਬੱਚਿਆਂ ਦੇ ਜੀਵਨ ਦੀਆਂ ਗਤੀਵਿਧੀਆਂ ਨੂੰ ਸਮਾਰਟ ਬਣਾਉਣ ਦੇ ਨਾਲ-ਨਾਲ ਖ਼ੁਦ ਨੂੰ ਵੀ ਸਮਾਰਟ ਪੇਰੈਂਟਸ ਬਣਾਉਣ ਦੀ ਲੋੜ ਹੈ, ਤਾਂ ਹੀ ਉਨ੍ਹਾਂ ਦੇ ਬੱਚੇ ਜ਼ਿੰਦਗੀ 'ਚ ਸਹੀ ਦਿਸ਼ਾ ਵੱਲ ਤੁਰਨਗੇ।



## ਬੱਚਿਆਂ ਪ੍ਰਤੀ ਵਿਹਾਰ

**ਆਮ ਤੌਰ** 'ਤੇ ਮਾਪੇ ਆਪਣੇ ਬੱਚਿਆਂ ਪ੍ਰਤੀ ਤਿੰਨ ਤਰ੍ਹਾਂ ਦਾ ਵਿਹਾਰ ਬਣਾ ਕੇ ਰੱਖਦੇ ਹਨ। ਪਹਿਲਾਂ ਵਿਹਾਰ ਫੋਰਸ ਯਾਨੀ ਦਬਾਅ ਬਣਾਉਣ ਵਾਲਾ ਵਿਹਾਰ। ਇਸ ਵਿਹਾਰ 'ਚ ਮਾਪੇ ਆਪਣੇ ਬੱਚਿਆਂ ਤੋਂ ਹਰ ਗੱਲ ਮਨਾਉਣ ਲਈ ਦਬਾਅ ਪਾਉਂਦੇ ਹਨ। ਉਹ ਚਾਹੁੰਦੇ ਹਨ ਕਿ ਅਸੀਂ ਉਮਰ 'ਚ ਆਪਣੇ ਬੱਚਿਆਂ ਤੋਂ ਵੱਡੇ ਹਾਂ ਤੇ ਸਾਨੂੰ ਹਰ ਗੱਲ ਦੀ ਢੁਕਵੀਂ ਜਾਣਕਾਰੀ ਹੈ। ਇਸ ਲਈ ਉਹ ਬੱਚਿਆਂ 'ਤੇ ਦਬਾਅ ਬਣਾ ਕੇ ਹਰ ਕੰਮ ਨੂੰ ਪੂਰਾ ਕਰਵਾਉਣ 'ਚ ਵਿਸ਼ਵਾਸ ਰੱਖਦੇ ਹਨ। ਦੂਸਰਾ ਵਿਹਾਰ ਨਥਿੰਗ ਯਾਨੀ ਕੁਝ ਨਹੀਂ। ਇਸ ਵਿਹਾਰ 'ਚ ਮਾਪੇ ਆਪਣੇ ਬੱਚਿਆਂ ਪ੍ਰਤੀ ਕਿਸੇ ਤਰ੍ਹਾਂ ਦਾ ਕੋਈ ਧਿਆਨ ਨਹੀਂ ਦਿੰਦੇ। ਇੱਥੋਂ ਤਕ ਕਿ ਉਹ ਆਪਣੇ ਬੱਚਿਆਂ ਵੱਲੋਂ ਕੀਤੇ ਜਾ ਰਹੇ ਉਚਿਤ-ਅਨੁਚਿਤ ਕੰਮਾਂ ਬਾਰੇ ਕੋਈ ਵੀ ਹੁੰਗਾਰਾ ਨਹੀਂ ਭਰਦੇ। ਇਸ ਤਰ੍ਹਾਂ ਦੇ ਵਿਹਾਰ ਕਾਰਨ ਬੱਚਿਆਂ ਤੇ ਮਾਪਿਆਂ ਵਿਚਕਾਰ ਵਿਸ਼ਵਾਸ ਭਰਿਆ ਰਿਸ਼ਤਾ ਨਹੀਂ ਰਹਿੰਦਾ। ਤੀਸਰਾ ਵਿਹਾਰ ਹੈ ਬੈਲੇਂਸ ਯਾਨੀ ਤਾਲਮੇਲ ਬਣਾ ਕੇ ਰੱਖਣਾ। ਇਸ ਵਿਹਾਰ 'ਚ ਮਾਪੇ ਆਪਣੇ ਬੱਚਿਆਂ ਨਾਲ ਆਪਣੇ ਰਿਸ਼ਤੇ 'ਚ ਤਾਲਮੇਲ ਬਣਾ ਕੇ ਰੱਖਦੇ ਹਨ। ਮਾਪੇ ਨੂੰ ਹਰ ਪ੍ਰਸਥਿਤੀ ਅਨੁਸਾਰ ਅਹਿਸਾਸ ਹੁੰਦਾ ਹੈ ਕਿ ਆਪਣੇ ਬੱਚੇ ਨਾਲ ਕਿਸ ਤਰ੍ਹਾਂ ਦਾ ਵਿਹਾਰ ਕਰਨਾ ਹੈ। ਇਸ ਵਿਹਾਰ ਵਿਚ ਮਾਪੇ ਆਪਣੇ ਬੱਚਿਆਂ ਪ੍ਰਤੀ ਸਮੇਂ ਅਨੁਸਾਰ ਨਰਮ ਜਾਂ ਕਠੋਰ ਸੁਭਾਅ ਨਾਲ ਪੇਸ਼ ਆਉਂਦੇ ਹਨ। ਇਸ ਵਿਹਾਰ ਦਾ ਬੱਚਿਆਂ ਉੱਤੇ ਸਕਾਰਾਤਮਿਕ ਪ੍ਰਭਾਵ ਪੈਂਦਾ ਹੈ। ਮਾਪਿਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਜ਼ਿੰਦਗੀ ਦਾ ਸਰਮਾਇਆ ਉਨ੍ਹਾਂ ਦੇ ਬੱਚੇ ਹੀ ਹੁੰਦੇ ਹਨ। ਬਾਕੀ ਪ੍ਰਾਪਰਟੀ ਤਾਂ ਉਨ੍ਹਾਂ ਲਈ ਜ਼ਿੰਦਗੀ ਜਿਊਣ ਲਈ ਸਿਰਫ਼ ਲੋੜ ਅਨੁਸਾਰ ਜ਼ਰੂਰਤਾਂ ਹੀ ਹੁੰਦੀਆਂ ਹਨ।

## ਬੱਚਿਆਂ ਦੇ ਰੋਲ ਮਾਡਲ ਬਣਨਾ

ਬੱਚੇ ਮਾਪਿਆਂ ਤੋਂ ਬਹੁਤ ਕੁਝ ਸਿੱਖਦੇ ਹਨ। ਜੇ ਕਿਸੇ ਬੱਚੇ ਦਾ ਖ਼ੁਦ ਤੋਂ ਭਰੋਸਾ ਟੁੱਟਦਾ ਹੈ ਤਾਂ ਇਸ 'ਚ ਮਾਪਿਆਂ ਦੀ ਕਿਸੇ ਨਾ ਕਿਸੇ ਪਾਸੇ ਗ਼ਲਤੀ ਹੁੰਦੀ ਹੈ। ਮਾਪੇ ਹਰ ਸਮੇਂ ਆਪਣੇ ਬੱਚਿਆਂ ਲਈ ਉਦਾਹਰਨ ਬਣਨ ਦੀ ਕੋਸ਼ਿਸ਼ ਨਾ ਕਰਨ ਅਤੇ ਕਿਸੇ ਵੀ ਹਾਲਾਤ 'ਚ ਉਨ੍ਹਾਂ ਨੂੰ ਬੇਵਜ ?ਹਾ ਬੇਇੱਜ਼ਤ ਕਰਨ ਦਾ ਮੌਕਾ ਨਾ ਦੇਣ। ਇਸ ਲਈ ਸਭ ਤੋਂ ਪਹਿਲਾਂ ਮਾਪਿਆਂ ਨੂੰ ਖ਼ੁਦ ਇਕ-ਦੂਜੇ ਦੀ ਇੱਜ਼ਤ ਕਰਨ ਦੀ ਲੋੜ ਹੈ। ਬੱਚੇ ਦਾ ਮਨ ਕੋਰੇ ਕਾਗਜ਼ ਵਾਂਗ ਹੁੰਦਾ ਹੈ ਤੇ ਉਹ ਬਹੁਤਾ ਕੁਝ ਆਪਣੇ ਆਸ-ਪਾਸ ਦੇ ਮਾਹੌਲ ਤੋਂ ਸਿੱਖਦਾ ਹੈ। ਇਸ ਲਈ ਮਾਪਿਆਂ ਨੂੰ ਬੱਚਿਆਂ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ।

## ਵਾਧੂ ਬੋਝ ਨਾ ਪਾਉਣਾ

ਇਕ ਬੱਚੇ ਲਈ ਇਸ ਤੋਂ ਮਾੜਾ ਹੋਰ ਕੁਝ ਨਹੀਂ ਹੋ ਸਕਦਾ, ਜਦੋਂ ਉਸ ਦੇ ਮਾਪੇ ਉਸ ਨੂੰ ਬਿਨਾਂ ਕਿਸੇ ਕਾਰਨ ਆਪਣੀਆਂ ਇੱਛਾਵਾਂ ਦਾ ਬੋਝ ਦੇ ਰਹੇ ਹੁੰਦੇ ਹਨ। ਇਕ ਮਨੋਵਿਗਿਆਨਕ ਅਨੁਸਾਰ ਬੱਚਿਆਂ ਦੇ ਅਜੀਬੋ ਗਰੀਬ ਵਿਹਾਰ ਪਿੱਛੇ ਜ਼ਿਆਦਾਤਰ ਉਨ੍ਹਾਂ ਦੇ ਮਾਪੇ ਹੀ ਜ਼ਿੰਮੇਵਾਰ ਹੁੰਦੇ ਹਨ। ਅੱਜ-ਕੱਲ੍ਹ ਬਹੁਤ ਸਾਰੇ ਮਾਪੇ ਆਪਣੇ ਬੱਚਿਆਂ ਨੂੰ ਚੂਹਾ ਦੌੜ ਵਿਚ ਸ਼ਾਮਿਲ ਕਰਨਾ ਚਾਹੁੰਦੇ ਹਨ। ਉਹ ਆਪਣੇ ਬੱਚਿਆਂ ਤੋਂ ਇਹ ਉਮੀਦ ਰੱਖਦੇ ਹਨ ਕਿ ਉਨ੍ਹਾਂ ਦੇ ਬੱਚੇ ਇਸ ਦੌੜ 'ਚ ਸਭ ਤੋਂ ਮੂਹਰੇ ਰਹਿਣ। ਉਹ ਇਹ ਸਮਝਣ ਨੂੰ ਤਿਆਰ ਹੀ ਨਹੀਂ ਹਨ ਕਿ ਉਨ੍ਹਾਂ ਦਾ ਬੱਚਾ ਕਿਸੇ ਹੋਰ ਖੇਤਰ 'ਚ ਵੀ ਵਧੀਆ ਪ੍ਰਦਰਸ਼ਨ ਕਰ ਸਕਦਾ ਹੈ।






ਰੋਜ਼ਾਨਾ ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : Lokbani08@gmail.com 19 ਮਾਰਚ 2023 ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)

ਪਤਾ :- ਸੰਗਮ ਕੰਪਲੈਕਸ, ਨੇੜੇ ਮਿਲਾਪ ਚੌਕ, ਜਲੰਧਰ (ਪੰਜਾਬ)

R.N.I. /Punpun/29016/2008/ • ਸਾਲ : 15 • ਅੰਕ : 76 • ਮੁੱਲ : 5.00 ਰੁਪਏ • ਕੁੱਲ ਪੇਜ : 10 • ਫੈਕਸ: 0181-2211009, 99155-94111







## ਮੰਦੀ ਝੇਲ ਰਹੇ ਪਾਕਿਸਤਾਨ ਦੀ ਹੋਰ ਵਧੀ ਮੁਸੀਬਤ



**ਇਸਲਾਮਾਬਾਦ/ਲੋਕ ਬਾਣੀ**

ਨਕਦੀ ਸੰਕਟ ਨਾਲ ਜੂਝ ਰਿਹਾ ਪਾਕਿਸਤਾਨ ਕੌਮਾਂਤਰੀ ਮੁਦਰਾ ਫੰਡ (ਆਈ.ਐੱਮ.ਐੱਫ.) ਤੋਂ ਬੇਲਆਊਟ ਲੈਣ ਲਈ ਸੰਘਰਸ਼ ਕਰ ਰਿਹਾ ਹੈ। IMF ਨੇ ਪਾਕਿਸਤਾਨ ਨੂੰ ਕਰਜ਼ਾ ਦੇਣ ਲਈ ਸਮਝੌਤੇ ’ਤੇ ਦਸਤਖਤ ਕਰਨ ਤੋਂ ਪਹਿਲਾਂ ਨਵੀਂ ਸ਼ਰਤ ਰੱਖੀ ਹੈ। ਆਈਐਮਐਫ ਦੁਆਰਾ ਪੇਸ਼ ਕੀਤੀਆਂ ਗਈਆਂ ਨਵੀਆਂ ਸ਼ਰਤਾਂ ਪਾਕਿਸਤਾਨ ਲਈ ਕਰਜ਼ਾ ਲੈਣਾ ਹੋਰ ਮੁਸ਼ਕਲ ਬਣਾ ਸਕਦੀਆਂ ਹਨ। ਵਿੱਤ ਮੰਤਰੀ ਇਸਹਾਕ ਡਾਰ ਨੇ ਵੀਰਵਾਰ ਨੂੰ ਕਿਹਾ ਕਿ ਪਾਕਿਸਤਾਨ ਨੂੰ ਮਿੱਤਰ ਦੇਸ਼ਾਂ ਤੋਂ ਦੁਵੱਲੇ ਵਿੱਤੀ ਭਰੋਸਾ ਦੀ ਲੋੜ ਹੈ, ਜੋ ਕਿ ਉਨ੍ਹਾਂ ਨੇ IMF ਸੌਦੇ ਨੂੰ ਸੁਰੱਖ਼ ?ਅਤ ਕਰਨ ਲਈ ਪਹਿਲਾਂ ਕੀਤਾ ਸੀ। ਡਾਰ ਨੇ ਕਿਹਾ ਕਿ ਪਿਛਲੀ IMF ਸਮੀਖਿਆਵਾਂ ਦਰਮਿਆਨ ਕਈ ਮਿੱਤਰ ਦੇਸ਼ਾਂ ਨੇ ਪਾਕਿਸਤਾਨ ਦਾ ਸਮਰਥਨ ਕਰਨ ਲਈ ਵਚਨਬੱਧਤਾ ਜ਼ਾਹਰ ਕੀਤੀ ਸੀ। 9$6 ਹੁਣ ਕਹਿ ਰਿਹਾ ਹੈ ਕਿ ਉਹ ਦੇਸ਼ ਉਨ੍ਹਾਂ ਵਚਨਬੱਧਤਾ ਨੂੰ ਪੂਰਾ ਕਰਨ ਅਤੇ ਅਮਲ ਵਿਚ ਲਿਆਉਣ। ਸਮਾਂ ਟੀ.ਵੀ. ਨੇ ਸੂਤਰਾਂ ਦੇ ਹਵਾਲੇ ਨਾਲ ਦੱਸਿਆ ਕਿ 9$6 ਨੇ 30 ਜੂਨ ਤੱਕ ਸਾਊਦੀ ਅਰਬ, ਕਤਰ ਅਤੇ ਸੰਯੁਕਤ ਅਰਬ ਅਮੀਰਾਤ (ਯੂਏਈ) ਸਮੇਤ ਮਿੱਤਰ ਦੇਸ਼ਾਂ ਤੋਂ ਪਾਕਿਸਤਾਨ ਨੂੰ ਕਰਜ਼ਾ ਦੇਣ ਤੋਂ ਪਹਿਲਾਂ ਵਿੱਤੀ ਸਹਾਇਤਾ ਦਾ ਲਿਖਤੀ ਭਰੋਸਾ ਮੰਗਿਆ ਹੈ।

## ਸੁਖਬੀਰ ਨੇ ਜ਼ਮਾਨਤ ਲਈ ਕੀਤਾ ਹਾਈ ਕੋਰਟ ਦਾ ਰੁਖ

**ਚੰਡੀਗੜ੍ਹ/ਵਿਨੋਦ ਸ਼ਰਮਾ**

2015 ਦੇ ਕੋਟਕਪੂਰਾ ਗੋਲੀਕਾਂਡ ਵਿੱਚ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਹੇਠਲੀ ਅਦਾਲਤ ਵੱਲੋਂ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕੀਤੇ ਜਾਣ ਤੋਂ ਬਾਅਦ ਹੁਣ ਰਾਹਤ ਲਈ ਪੰਜਾਬ-ਹਰਿਆਣਾ ਹਾਈ ਕੋਰਟ ਦਾ ਰੁਖ ਕੀਤਾ ਹੈ। ਹਾਈ ਕੋਰਟ ਰਜਿਸਟਰੀ ’ਚ ਦਾਇਰ ਇਸ ਪਟੀਸ਼ਨ ’ਤੇ ਜਲਦ ਸੁਣਵਾਈ ਹੋਵੇਗੀ। ਕੋਟਕਪੂਰਾ ਗੋਲੀਬਾਰੀ ਮਾਮਲੇ ਵਿੱਚ ਏਡੀਜੀਪੀ ਐੱਲਕੇ ਯਾਦਵ ਦੀ ਅਗਵਾਈ ਵਾਲੀ ਐੱਸਆਈਟੀ ਨੇ 24 ਫਰਵਰੀ ਨੂੰ



ਚਾਰਜਸ਼ੀਟ ਦਾਖ਼ਲ ਕੀਤੀ ਸੀ। ਇਸ ਵਿੱਚ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ, ਤਤਕਾਲੀ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਤਤਕਾਲੀ ਡੀਜੀਪੀ ਸੁਮੇਧ ਸਿੰਘ ਸੈਣੀ ਤੋਂ ਇਲਾਵਾ 5 ਹੋਰ ਪੁਲਿਸ ਅਧਿਕਾਰੀਆਂ ਨੂੰ ਦੋਸ਼ੀ ਬਣਾਇਆ ਗਿਆ ਸੀ।

## ਸਿੱਧੂ ਦੀ ਬਰਸੀ ’ਤੇ ਪਿਓ ਦੀ ਲੋਕਾਂ ਨੂੰ ਅਪੀਲ

**ਚੰਡੀਗੜ੍ਹ/ਵਿਨੋਦ ਸ਼ਰਮਾ**

ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਪੁੱਤ ਸਿੱਧੂ ਦੀ ਬਰਸੀ ਨੂੰ ਲੈ ਕੇ ਸੋਸ਼ਲ ਮੀਡੀਆ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਹੈ। ਉਨ੍ਹਾਂ ਪੋਸਟ ਕੀਤੀ ਵੀਡੀਓ ’ਚ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦਾ ਮਾਹੌਲ ਬਣਿਆ ਹੋਇਆ ਹੈ, ਬਰਸੀ ਮੌਕੇ ਹੋਣ ਵਾਲੇ ਇਕੱਠ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਮੈਂ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਭਾਈਚਾਰਾ ਬਣਾ ਕੇ ਰੱਖਣਾ ਹੈ ਅਤੇ ਸਮੇਂ ਸਿਰ ਸ਼ਾਂਤੀ ਨਾਲ ਪਹੁੰਚਣ ਦੀ ਕੋਸ਼ਿਸ਼ ਕਰਨੀ ਹੈ। ਦੱਸ ਦੇਈਏ ਕਿ ਕੱਲ੍ਹ ਯਾਨੀ 19 ਮਾਰਚ ਨੂੰ ਸਿੱਧੂ ਮੂਸੇਵਾਲਾ ਦੀ ਪਹਿਲੀ ਬਰਸੀ ਮਨਾਈ ਜਾ ਰਹੀ ਹੈ।



## ਚਾਰਟਰ ਜਹਾਜ ਹਾਦਸਾਗ੍ਰਸਤ ਹੋਣ ਕਾਰਣ 2 ਪਾਇਲਟਾਂ ਦੀ ਮੌਤ



**ਬਾਲਾਘਾਟ/ਲੋਕ ਬਾਣੀ**

ਸ਼ਨੀਵਾਰ ਦੁਪਹਿਰ ਨੂੰ ਮੱਧ ਪ੍ਰਦੇਸ਼ ਦੇ ਬਾਲਾਘਾਟ ਜ਼ਿਲ੍ਹੇ ਦੇ ਕਿਰਨਾਪੁਰ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਭਕਕੁਟੋਲਾ ਦੇ ਸੰਘਣੇ ਜੰਗਲ ਵਿੱਚ ਇੱਕ ਟਰੇਨਰ ਚਾਰਟਰ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ’ਚ ਦੋ ਪਾਇਲਟਾਂ ਦੀ ਮੌਤ ਹੋਣ ਦੀ ਖਬਰ ਹੈ, ਹਾਲਾਂਕਿ ਇੱਕ ਪਾਇਲਟ ਦੀ ਲਾਸ਼ ਬਰਾਮਦ ਕਰ ਲਈ ਗਈ ਹੈ, ਜਦ ਕਿ ਦੂਜੇ ਦੀ ਲਾਸ਼ ਦੀ ਭਾਲ ਕੀਤੀ ਜਾ ਰਹੀ ਹੈ। ਵਧੀਕ ਪੁਲਿਸ ਸੁਪਰਡੈਂਟ ਆਦਿਤਆ ਮਿਸ਼ਰਾ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਹੈ ਕਿ ਕਿਰਨਾਪੁਰ ਦੇ ਭਕਕੁਟੋਲਾ ਵਿਖੇ ਇੱਕ ਟਰੇਨਰ ਜਹਾਜ਼ ਹਾਦਸਾਗ੍ਰਸਤ ਹੋ ਗਿਆ ਹੈ। ਘਟਨਾ ਵਾਲੀ ਥਾਂ ਤੋਂ ਮਿਲੀ ਵੀਡੀਓ ਫੁਟੇਜ ਵਿੱਚ ਮਲਬੇ ਵਿੱਚ ਇੱਕ ਵਿਅਕਤੀ ਦੀ ਲਾਸ਼ ਨਜ਼ਰ ਆ ਰਹੀ ਹੈ।

## ਹਿਮਾਚਲ ’ਚ ਲਗਾਤਾਰ ਮੀਂਹ ਕਾਰਣ ਅਟਲ ਟਨਲ ’ਚ ਲੱਗਿਆ ਭਾਰੀ ਜਾਮ

**ਸ਼ਿਮਲਾ/ਲੋਕ ਬਾਣੀ**

ਹਿਮਾਚਲ ਪ੍ਰਦੇਸ਼ ਇਨੀਂ ਦਿਨੀਂ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ। ਦੱਸ ਦਈਏ ਕਿ ਹਿਮਾਚਲ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਰੁੱਕ-ਰੁੱਕ ਕੇ ਮੀਂਹ ਅਤੇ ਬਰਫ਼ਬਾਰੀ ਹੋ ਰਹੀ ਹੈ। ਛੋਟੀ ਪਹਾੜੀ ਅਤੇ ਮੈਦਾਨੀ ਇਲਾਕਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਚੱਲ ਰਹੀਆਂ ਹਨ। ਜਿਸ ਕਾਰਨ ਸੂਬੇ ’ਚ ਤਾਪਮਾਨ ’ਚ ਗਿਰਾਵਟ ਦਰਜ ਕੀਤੀ ਗਈ ਹੈ ਅਤੇ ਮੌਸਮ ਫਿਰ ਠੰਡਾ ਹੋ ਗਿਆ ਹੈ। ਦੱਸ ਦਈਏ ਕਿ ਹਿਮਾਚਲ ’ਚ ਅੱਜ ਵੀ ਸ਼ਿਮਲਾ, ਮੰਡੀ, ਮਨਾਲੀ ਸਮੇਤ ਕਈ ਇਲਾਕਿਆਂ ’ਚ ਬਾਰਿਸ਼ ਪੈਣ ਦੀ ਉਮੀਦ ਹੈ। ਹਿਮਾਚਲ ਦੇ ਮਨਾਲੀ ਤੋਂ ਇਲਾਵਾ ਅਟਲ ਟਨਲ ਅਤੇ ਲਾਹੌਲ ਵਿੱਚ ਵੀ ਚੰਗੀ ਬਰਫ਼ਬਾਰੀ ਦੇਖਣ ਨੂੰ ਮਿਲੀ ਹੈ।



## ਹੁਣ ਨਿਊਜ਼ੀਲੈਂਡ ਨੇ ਟਿਕਟਾਕ ’ਤੇ ਲਾਈ ਪਾਬੰਦੀ

**ਲੰਦਨ/ਲੋਕ ਬਾਣੀ**

ਅਮਰੀਕਾ ਅਤੇ ਬ੍ਰਿਟੇਨ ਦੀਆਂ ਸਰਕਾਰਾਂ ਤੋਂ ਬਾਅਦ ਹੁਣ ਨਿਊਜ਼ੀਲੈਂਡ ਨੇ ਚਾਈਨੀਜ਼ ਸ਼ਾਰਟ ਰੀਲ ਐਪ ਟਿਕਟਾਕ ’ਤੇ ਪਾਬੰਦੀ ਲਗਾ ਦਿੱਤੀ ਹੈ। ਬ੍ਰਿਟੇਨ ਤੋਂ ਬਾਅਦ ਨਿਊਜ਼ੀਲੈਂਡ ਨੇ ਵੀ ਅਮਰੀਕਾ ਅਤੇ ਯੂਰਪੀਅਨ ਯੂਨੀਅਨ ਦੇ ਕਦਮਾਂ ਦੇ ਮੱਦੇਨਜ਼ਰ ਅਜਿਹਾ ਕੀਤਾ ਹੈ। ’ਦਿ ਨਿਊਯਾਰਕ ਟਾਈਮਜ਼’ ਦੇ ਅਨੁਸਾਰ, ਬ੍ਰਿਟੇਨ ਨੇ ਵੀਰਵਾਰ ਨੂੰ ਇਕ ਚੀਨੀ ਕੰਪਨੀ ਦੁਆਰਾ ਵੀਡੀਓ-ਸ਼ੇਅਰਿੰਗ ਐਪ ਦੀ ਮਲਕੀਅਤ ਨਾਲ ਜੁੜੇ ਸੁਰੱਖਿਆ ਡਰ ਦਾ ਹਵਾਲਾ ਦਿੰਦਿਆਂ ’ਤੇ ਤੁਰੰਤ ਪਾਬੰਦੀ ਦਾ ਐਲਾਨ ਕੀਤਾ। ਸੰਸਦ ਵਿੱਚ ਬੋਲਦਿਆਂ ਡਚੀ ਆਫ਼ ਲੈਂਕੈਸਟਰ ਦੇ ਚਾਂਸਲਰ ਓਲੀਵਰ ਡਾਉਡੇਨ ਨੇ ਇਸ ਪਾਬੰਦੀ ਨੂੰ ’ਸਾਵਧਾਨੀ’ ਵਜੋਂ ਚੁੱਕਿਆ ਕਦਮ ਦੱਸਿਆ।

## ਪਾਣੀ ਦੇ ਵਹਾਅ ’ਚ ਰੁੜ੍ਹਨ ਕਾਰਣ 6 ਦੀ ਮੌਤ

**ਲਖਨਊ/ਲੋਕ ਬਾਣੀ**

ਉਤਰ ਪ੍ਰਦੇਸ਼ ਦੇ ਸੋਨਭੱਦਰ ਦੇ ਗੜਵਾਨ ਪਿੰਡ ਦੀਆਂ 4 ਔਰਤਾਂ ਅਤੇ 2 ਬੱਚੇ ਜੋ ਕਿ ਪਹਾੜ ’ਤੇ ਲੱਕੜਾਂ ਇਕੱਠੀਆਂ ਕਰਨ ਗਏ ਸਨ, ਤੇਜ਼ ਮੀਂਹ ਕਾਰਨ ਪਹਾੜ ਤੋਂ ਆਏ ਪਾਣੀ ਦੇ ਤੇਜ਼ ਵਹਾਅ ’ਚ ਰੁੜ੍ਹ ਗਏ। 5 ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ ਤੇ ਇਕ ਔਰਤ ਦੀ ਭਾਲ ਜਾਰੀ ਹੈ।

## ਇਮਰਾਨ ਖ਼ਾਨ ਦੇ ਘਰ ਪਹੁੰਚੀ ਪੁਲਿਸ

**ਇਸਲਾਮਾਬਾਦ/ਲੋਕ ਬਾਣੀ**

ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੇ ਲਾਹੌਰ ਸਥਿਤ ਘਰ ’ਚ ਪੁਲਿਸ ਪਹੁੰਚੀ ਹੈ। ਪਾਕਿਸਤਾਨ ਦੇ ਜੀਓ ਨਿਊਜ਼ ਮੁਤਾਬਕ ਪੰਜਾਬ ਪੁਲਿਸ ਨੇ ਪਾਰਟੀ ਦੇ 20 ਤੋਂ ਵੱਧ ਵਰਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੱਸ ਦੇਈਏ ਕਿ ਇਮਰਾਨ ਦੀ ਤੋਸ਼ਾਖਾਨਾ ਮਾਮਲੇ ’ਚ ਅੱਜ ਇਸਲਾਮਾਬਾਦ ਦੀ ਇਕ ਅਦਾਲਤ ’ਚ ਸੁਣਵਾਈ ਹੋਣੀ ਹੈ।



## ਚਿੱਟੇ ਨੇ ਇੱਕ ਹੋਰ ਜਵਾਨ ਪੁੱਤ ਦੀ ਲਈ ਜਾਨ

**ਸਿੱਧਵਾਂ ਬੇਟ/ਲੋਕ ਬਾਣੀ**

ਬੇਟ ਇਲਾਕੇ ਵਿਚ ਨਸ਼ਿਆਂ ਦੇ ਫੈਲੇ ਮਕੜ ਜਾਲ ਨੇ ਅੱਜ ਇਕ ਹੋਰ 21 ਸਾਲਾ ਨੌਜਵਾਨ ਨੂੰ ਆਪਣੀ ਲਪੇਟ ਵਿਚ ਲੈਂਦਿਆਂ ਮਾਰ ਮੁਕਾਇਆ। ਦਰਿਆ ਸਤਲੁਜ ਦੇ ਕੰਢੇ ’ਤੇ ਵਸੇ ਪਿੰਡ ਸ਼ੇਰੇਵਾਲ ਦੇ ਬਲਜੀਤ ਸਿੰਘ ਪੁੱਤਰ ਸਵ: ਮੁਖਤਿਆਰ ਸਿੰਘ ਵੀ ਚਿੱਟੇ ਦੀ ਭੇਟ ਚੜ੍ਹ ਗਿਆ। ਬਲਾਕ ਸੰਮਤੀ ਮੈਂਬਰ ਜੀਵਨ ਸਿੰਘ ਬਾਘੀਆਂ ਅਤੇ ਪਿੰਡ ਦੇ ਸਰਪੰਚ ਮੰਗਲ ਸਿੰਘ ਨੇ ਦੱਸਿਆ ਕਿ ਬਲਜੀਤ ਨਸ਼ੇ ਦਾ ਆਦੀ ਸੀ। ਇਸ ਨੂੰ ਕਈ ਵਾਰ ਨਸ਼ਾ ਛੁਡਾਊ ਕੇਂਦਰਾਂ ਵਿਚ ਵੀ ਲਿਜਾਇਆ ਗਿਆ। ਪਰ ਪਿੰਡ ਵਿਚ ਨਸ਼ਿਆਂ ਦਾ ਦਰਿਆ ਵਗਣ ਕਾਰਨ ਬਲਜੀਤ ਸਿੰਘ ਪਹਿਲਾਂ ਵਾਂਗ ਹੀ ਚਿੱਟੇ ਦਾ ਸੇਵਨ ਕਰਦਾ ਰਿਹਾ। ਜਿਸ ਦੇ ਚੱਲਦਿਆਂ ਉਸ ਨੂੰ ਕਾਲਾ ਪੀਲੀਆ ਨੇ ਆਪਣੀ ਲਪੇਟ ਵਿਚ ਲੈ ਲਿਆ। ਪਰਿਵਾਰ ਵੱਲੋਂ ਆਰਥਿਕ ਤੰਗੀ ਦੇ ਚੱਲਦਿਆਂ ਇਲਾਜ ਕਰਵਾਉਣ ਤੋਂ ਅਸਮਰਥਾ ਅਤੇ ਉਸ ਦੇ ਲਗਾਤਾਰ ਨਸ਼ਾ ਕਰਨ ਕਾਰਨ ਅੱਜ ਉਸ ਦੀ ਘਰ ਵਿਚ ਹੀ ਮੌਤ ਹੋ ਗਈ।


DIPS IMT

DIPS INSTITUTE OF MANAGEMENT & TECHNOLOGY

RAMNEEK AVENUE, PATHANKOT BYE PASS
JALANDHAR CITY

www.dipsimt@gmail.com (dipsimt@gmail.com)

CONTACT : 95010-00697, 97806-00998

# ਅੰਮ੍ਰਿਤਪਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਸਸਪੈਂਸ ਬਰਕਰਾਰ



## ਪੁਲਿਸ ਨੇ ਕਿਹਾ- ਉਹ ਅਜੇ ਵੀ ਫ਼ਰਾਰ

### ਕਿਹਾ-78 ਸਮੱਰਥਕ ਫੜੇ ਜਿਨ੍ਹਾਂ ਕੋਲੋਂ 8 ਰਾਈਫਲ ਅਤੇ ਇੱਕ ਪਿਸਤੌਲ ਬਰਾਮਦ ਕੀਤਾ ਗਿਆ

### ਮੋਬਾਇਲ ਇੰਟਰਨੈੱਟ ਸੇਵਾਵਾਂ 12 ਵਜੇ ਤੱਕ ਬੰਦ

**ਮੋਗਾ/ਲੋਕ ਬਾਣੀ**
ਅੰਮ੍ਰਿਤਪਾਲ ਦੀ ਗ੍ਰਿਫਤਾਰੀ ਨੂੰ ਲੈ ਕੇ ਪੁਲਿਸ ਵੱਲੋਂ ਅਧਿਕਾਰਕ ਖੁਲਾਸਾ ਕੀਤਾ ਗਿਆ ਹੈ । ਪੁਲਿਸ ਦਾ ਕਹਿਣਾ ਹੈ ਕਿ ਅੰਮ੍ਰਿਤਪਾਲ ਸਿੰਘ ਅਜੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ। ਪੁਲਿਸ ਨੇ ਉਸ ਦੇ 78 ਸਮਰਥਕਾਂ ਨੂੰ ਗ੍ਰਿਫਤਾਰ ਕੀਤਾ ਹੈ ।ਜਿਨ੍ਹਾਂ ਪਾਸੋਂ ਅੱਠ ਰਾਈਫਲ ਅਤੇ ਇੱਕ ਪਿਸਤੌਲ ਬਰਾਮਦ ਕੀਤਾ ਗਿਆ ਹੈ। ਪਰ ਅੰਮ੍ਰਿਤਪਾਲ ਅਜੇ ਵੀ ਫਰਾਰ ਚੱਲ ਰਿਹਾ ਹੈ। ਪੁਲਿਸ ਦੀਆਂ ਟੀਮਾਂ ਅਜੇ ਵੀ ਅੰਮ੍ਰਿਤਪਾਲ ਦੀ ਭਾਲ ਕਰ ਰਹੀਆਂ ਹਨ। 24 ਫਰਵਰੀ ਨੂੰ ਅੰਮ੍ਰਿਤਪਾਲ ਸਿੰਘ ਦੇ ਖਿਲਾਫ ਐਫਆਈਆਰ ਦਰਜ਼ ਕੀਤੀ ਗਈ ਸੀ। ਪੁਲਿਸ ਦਾ ਕਹਿਣਾ ਹੈ ਕਿ ਅੰਮ੍ਰਿਤਪਾਲ ਸਿੰਘ ਖੁਦ ਸਰੰਡਰ ਕਰੇ । ਪੰਜਾਬ ਭਰ ਵਿਚ ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ ਹਨ। ਜਾਣਕਾਰੀ ਮੁਤਾਬਕ ਮੋਬਾਇਲ ਇੰਟਰਨੈੱਟ ਸੇਵਾਵਾਂ ਕੱਲ੍ਹ 12 ਵਜੇ ਤੱਕ ਮੁਕੰਮਲ ਤੌਰ ’ਤੇ ਬੰਦ ਰਹਿਣਗੀਆਂ ।ਜਿੱਥੇ ਪੰਜਾਬ ਭਰ ਵਿਚ ਇਨਰਨੈੱਟ ਅਤੇ ਐੱਸ.ਐੱਮ. ਐੱਸ. ਸੇਵਾਵਾਂ ਠੱਪ ਕਰ ਦਿੱਤੀਆਂ ਗਈਆਂ ਹਨ, ਉਥੇ ਹੀ ਸੁਰੱਖਿਆ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਫਰੀਦਕੋਟ ਵਿਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਜਲੰਧਰ-ਅੰਮ੍ਰਿਤਸਰ ਹਾਈਵੇ ’ਤੇ ਭਾਰੀ ਪੁਲਸ ਤਾਇਨਾਤ ਕਰ ਦਿੱਤੀ ਗਈ ਹੈ। ਜਾਣਕਾਰੀ ਮੁਤਾਬਕ ਅੰਮ੍ਰਿਤਸਰ ਜੰਡਿਆਲਾ ਗੁਰੂ ਦੇ ਟੋਲ ਪਲਾਜ਼ਾ ਨੇੜੇ ਪੁਲਸ ਤਾਇਨਾਤੀ ਕੀਤੀ ਗਈ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਲੋਕਾਂ ਦਾ ਇਕੱਠੇ ਨਾ ਹੋ ਸਕੇ ਅਤੇ ਲਾਅ ਐਂਡ ਆਰਡਰ ਦੀ ਸਥਿਤੀ ਖ਼ਰਾਬ ਨਾ ਕੀਤੀ ਜਾਵੇ।

## ਕੇਂਦਰੀ ਏਜੰਸੀਆਂ ਦੀ ਹਾਲਾਤਾਂ ’ਤੇ ਨਜ਼ਰ

**ਇਸ** ਮਾਮਲੇ ’ਚ ਕੇਂਦਰੀ ਖ਼ੁਫ਼ੀਆ ਏਜੰਸੀਆਂ ਪੰਜਾਬ ਦੇ ਹਾਲਾਤ ’ਤੇ ਲਗਾਤਾਰ ਤਿੱਖੀ ਨਜ਼ਰ ਰੱਖ ਰਹੀਆਂ ਹਨ। ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸੂਬੇ ਨੇ ਨੀਮ ਫੌਜੀ ਬਲਾਂ ਦੀਆਂ ਕਈ ਕੰਪਨੀਆਂ ਦੀ ਮੰਗ ਕੀਤੀ ਸੀ ਅਤੇ ਇਹ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਣਾਈ ਰੱਖਣ ਲਈ ਮੁਹੱਈਆ ਕਰਵਾਈਆਂ ਗਈਆਂ । ਉਨ੍ਹਾਂ ਕਿਹਾ, ਅਸੀਂ ਪੰਜਾਬ ਦੇ ਹਾਲਾਤ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਾਂ। ਇੰਟੈਲੀਜੈਂਸ ਬਿਊਰੋ (ਆਈ. ਬੀ.), ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਅਤੇ ਹੋਰ ਏਜੰਸੀਆਂ ਪੰਜਾਬ ਦੇ ਹਾਲਾਤ ਬਾਰੇ ਲਗਾਤਾਰ ਅਪਡੇਟ ਕਰ ਰਹੀਆਂ ਹਨ। ਇਕ ਹੋਰ ਸੀਨੀਅਰ ਅਧਿਕਾਰੀ ਨੇ ਕਿਹਾ ਕਿ “ਅਸੀਂ ਘਟਨਾਚੱਕਰ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਾਂ ਅਤੇ ਦਿੱਲੀ ਦੇ ਸੀਨੀਅਰਾਂ ਨੂੰ ਇਸ ਦੀ ਰਿਪੋਰਟ ਕਰ ਰਹੇ ਹਾਂ। ਏਜੰਸੀਆਂ ਸੋਸ਼ਲ ਮੀਡੀਆ ਪੋਸਟਾਂ ’ਤੇ ਨਜ਼ਰ ਰੱਖ ਰਹੀਆਂ ਹਨ।

## ਨਕੋਦਰ ਨੇੜੇ ਸਰੀਂਹ ਪਿੰਡ ਪੁਲਿਸ ਛਾਉਣੀ ਵਿੱਚ ਤਬਦੀਲ

ਨਕੋਦਰ ਨੇੜਲੇ ਪਿੰਡ ਸਰੀਂਹ ਵਿਚ ਪੰਜਾਬ ਪੁਲਸ ਦੇ ਆਲ੍ਹਾ ਅਧਿਕਾਰੀ ਭਾਰੀ ਗਿਣਤੀ ਵਿਚ ਪੁਲਸ ਫੋਰਸ ਸਮੇਤ ਪਹੁੰਚ ਚੁੱਕੇ ਹਨ। ਸਾਰੇ ਪਿੰਡ ਨੂੰ ਘੇਰਾ ਪਾ ਲਿਆ ਗਿਆ ਹੈ। ਪੂਰਾ ਪਿੰਡ ਪੁਲਸ ਛਾਉਣੀ ’ਚ ਤਬਦੀਲ ਹੋ ਚੁੱਕਾ ਹੈ। ਪੁਲਸ ਵੱਲੋਂ ਇਕੱਲੇ-ਇਕੱਲੇ ਘਰ ਦੀ ਤਲਾਸ਼ੀ ਲਈ ਜਾ ਰਹੀ ਹੈ। ਵੱਡੇ ਪੱਧਰ ’ਤੇ ਅੰਮ੍ਰਿਤਪਾਲ ਸਿੰਘ ਦੀ ਭਾਲ ਜਾਰੀ ਹੈ।



## ਅੰਮ੍ਰਿਤਪਾਲ ਦਾ ਪਿੰਡ ਸੀਲ

ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਪਿੰਡ ਨੂੰ ਪੁਲਿਸ ਛਾਉਣੀ ਦੇ ਵਿੱਚ ਤਬਦੀਲ ਕੀਤਾ ਗਿਆ ਹੈ। ਪੁਲਿਸ ਦੇ ਨਾਲ ਨਾਲ ਪੈਰਾ ਮਿਲਟਰੀ ਫੋਰਸ ਵੀ ਤੈਨਾਤ ਕੀਤੀ ਗਈ ਹੈ। ਅੰਮ੍ਰਿਤਪਾਲ ਦਾ ਪਿੰਡ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ। ਤੁਹਾਨੂੰ ਦੱਸ ਦੇਈਏ ਕਿ ਪੈਰਾ ਮਿਲਟਰੀ ਨੇ ਅੰਮ੍ਰਿਤਪਾਲ ਦੇ ਪਿੰਡ ਨੂੰ ਘੇਰਿਆ ਹੈ। ’ਵਾਰਿਸ ਪੰਜਾਬ ਦੇ’ ਮੁਖੀ ਅੰਮ੍ਰਿਤਪਾਲ ਸਿੰਘ ਦੇ ਖਿਲਾ਼ਫ ਪੁਲਿਸ ਵੱਲੋਂ ਕੀਤੇ ਜਾ ਰਹੇ ਐਕਸ਼ਨ ਦੇ ਮੱਦੇਨਜ਼ਰ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਅੰਮ੍ਰਿਤਪਾਲ ਸਿੰਘ ਦੇ ਜੱਦੀ ਪਿੰਡ ਜੱਲੂਪੁਰ ਖੇੜਾ ਨੂੰ ਸੀਲ ਕਰ ਦਿੱਤਾ ਗਿਆ ਹੈ। ਚਾਰੋਂ ਪਾਸਿਓਂ ਪੈਰਾ-ਮਿਲਟਰੀ ਫੋਰਸ ਦੇ ਵੱਲੋਂ ਪਿੰਡ ਨੂੰ ਘੇਰਾ ਪਾਇਆ ਗਿਆ ਹੈ।



## ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ- ਕਾਨੂੰਨ ਆਪਣਾ ਕੰਮ ਕਰ ਰਿਹਾ

ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦਾ ਬਿਆਨ ਵੀ ਸਾਹਮਣੇ ਆਇਆ ਹੈ। ਅਸ਼ਵਨੀ ਸ਼ਰਮਾ ਨੇ ਸੋਸ਼ਲ ਮੀਡੀਆ ਰਾਹੀਂ ਕਿਹਾ ਹੈ ਕਿ ਕਾਨੂੰਨ ਵੱਲੋਂ ਆਪਣਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਸ਼ਾਂਤੀ ਤੇ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਅਸ਼ਵਨੀ ਸ਼ਰਮਾ ਨੇ ਫੇਸਬੁੱਕ ਪੋਸਟ ’ਤੇ ਲਿਖਿਆ, ਕਾਨੂੰਨ ਆਪਣਾ ਕੰਮ ਕਰ ਰਿਹਾ ਹੈ। ਪੰਜਾਬ ਦੀ ਜਨਤਾ ਨੂੰ ਅਪੀਲ ਹੈ ਕਿ ਸਾਂਤੀ ਅਤੇ ਸਦਭਾਵਨਾ ਬਣਾਈ ਰੱਖਣ।

## ਜੇਲ੍ਹ ਵਿਚ ਸੁਰੱਖਿਆ ਨੂੰ ਲੈ ਜੇਲ੍ਹ ਅਫਸਰਾਂ ਨਾਲ ਮੀਟਿੰਗ

ਪੰਜਾਬ ਸਰਕਾਰ ਦੇ ਹੁਕਮਾਂ ਤੋਂ ਬਾਅਦ ਪੰਜਾਬ ਪੁਲਸ ਵੱਲੋਂ ਅੱਜ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰਨ ਤੋਂ ਬਾਅਦ ਪੰਜਾਬ ਵਿਚ ਹਾਈ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦਰਮਿਆਨ ਨਾਭਾ ਵਿਖੇ ਡੀ. ਐੱਸ. ਪੀ ਦਵਿੰਦਰ ਅੱਤਰੀ ਦੀ ਅਗਵਾਈ ਵਿਚ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਦੀ ਸਮੀਖਿਆ ਕੀਤੀ ਗਈ। ਉਨ੍ਹਾਂ ਕਿਹਾ ਕਿ ਜੇਲ੍ਹ ਵਿਚ ਸੁਰੱਖਿਆ ਨੂੰ ਲੈ ਜੇਲ੍ਹ ਅਫਸਰਾਂ ਨਾਲ ਮੀਟਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਮਾੜੇ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਨਾਭਾ ਹਲਕੇ ਦੇ ਹਰ ਚੌਂਕਾਂ ’ਤੇ ਨਾਕਾਬੰਦੀ ਕਰਕੇ ਚੈਕਿੰਗ ਵੀ ਕੀਤੀ ਜਾ ਰਹੀ ਹੈ।



## ਕਈ ਜ਼ਿਲ੍ਹਿਆਂ ਵਿਚ ਧਾਰਾ 144 ਲਾਗੂ

ਸੁਰੱਖਿਆ ਦੇ ਮੱਦੇਨਜ਼ਰ ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਫਰੀਦਕੋਟ ਵਿਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਦਰਅਸਲ ਸ੍ਰੀ ਮੁਕਤਸਰ ਸਾਹਿਬ ਵਿਖੇ ਅੰਮ੍ਰਿਤਪਾਲ ਸਿੰਘ ਵੱਲੋਂ 19 ਮਾਰਚ ਨੂੰ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਖਾਲਸਾ ਵਹੀਰ ਮੁੜ ਤੋ ਸ਼ੁਰੂ ਕੀਤੀ ਜਾ ਰਹੀ ਸੀ ਪਰ ਇਸ ਤੋਂ ਪਹਿਲਾਂ ਹੀ ਪੁਲਸ ਨੇ ਅੰਮ੍ਰਿਤਪਾਲ ਸਿੰਘ ਨੂੰ ਉਨ੍ਹਾਂ ਦੇ ਸਾਥੀਆਂ ਸਮੇਤ ਗ੍ਰਿਫ਼ਤਾਰ ਕਰ ਲਿਆ। ਇਸ ਤੋਂ ਇਲਾਵਾ ਪੁਲਸ ਵਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਦੇ ਵੱਖ-ਵੱਖ ਨਾਕਿਆ ’ਤੇ ਸੁਰੱਖਿਆ ਪ੍ਰਬੰਧ ਮਜ਼ਬੂਤ ਕਰ ਦਿੱਤੇ ਗਏ ਹਨ। ਇੰਟਰਨੈੱਟ ਸੇਵਾਵਾਂ ਵੀ ਬੰਦ ਹੋ ਗਈਆ ਹਨ। ਉਧਰ ਪੁਲਸ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਨਿਆਦੀ ਕਰਵਾਈ ਜਾ ਰਹੀ ਹੈ ਕਿ ਸ਼ਹਿਰ ਵਿਚ ਧਾਰਾ 144 ਲਾਗੂ ਕੀਤੀ ਗਈ ਹੈ ਅਤੇ ਅੰਮ੍ਰਿਤਪਾਲ ਸਿੰਘ ਦਾ ਪ੍ਰੋਗਰਾਮ ਰੱਦ ਕਰ ਦਿੱਤਾ ਗਿਆ ਹੈ।

# ਪੰਜਾਬ ਸਰਕਾਰ ਹਸਪਤਾਲਾਂ ’ਚ ਡਾਕਟਰਾਂ ਦੀ ਘਾਟ ਨੂੰ ਪੂਰਾ ਕਰਨ ਲਈ ‘ਸਿੱਖਣ ਦੇ ਨਾਲ ਕਮਾਓ’ ਪ੍ਰੋਗਰਾਮ ਦੀ ਕਰੇਗੀ ਸ਼ੁਰੂਆਤ

## ਸਰਕਾਰੀ ਹਸਪਤਾਲ ’ਚ ਡਾਕਟਰਾਂ, ਦਵਾਈਆਂ ਅਤੇ ਟੈਸਟਿੰਗ ਸਹੂਲਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਮੇਰੀ ਤਰਜੀਹ - ਸਿਹਤ ਤੇ ਪਰਿਵਾਰ ਭਲਾਈ ਮੰਤਰੀ

## ਲੁਧਿਆਣਾ ’ਚ 30 ਨਵੇਂ ਆਮ ਆਦਮੀ ਕਲੀਨਿਕ, 110 ’ਸੀ.ਐਮ. ਕੀ ਯੋਗਸ਼ਾਲਾ’ ਖੋਲ੍ਹੀਆਂ ਜਾਣਗੀਆਂ

**ਲੁਧਿਆਣਾ/ਸੁਖਚੈਨ ਮਹਿਰਾ ,ਵਰਿੰਦਰ ਪ੍ਰਕਾਸ਼ ਭਾਂਬਰੀ**

ਸੂਬੇ ਦੇ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਨੂੰ ਪੂਰਾ ਕਰਨ ਲਈ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਲੋਂ ਕਿਹਾ ਗਿਆ ਕਿ ਸਰਕਾਰ ਵੱਲੋਂ ਜਲਦ ਹੀ ਇੱਕ ਨਵਾਂ ਪ੍ਰੋਗਰਾਮ ’ਸਿੱਖਣ ਦੇ ਨਾਲ ਕਮਾਓ’ ਸ਼ੁਰੂ ਕੀਤਾ ਜਾਵੇਗਾ ਜਿਸਦੇ ਤਹਿਤ ਐਮ.ਬੀ.ਬੀ.ਐਸ. ਪਾਸ ਵਿਦਿਆਰਥੀ ਸਿਹਤ ਸੰਸਥਾਵਾਂ ਵਿੱਚ ਤਾਇਨਾਤ ਕੀਤੇ ਜਾਣਗੇ ਜਿਨ੍ਹਾਂ ਨੂੰ ਹਸਪਤਾਲ ਵਿੱਚ ਪ੍ਰੈਕਟਿਸ ਕਰਨ ਦੇ ਨਾਲ-ਨਾਲ ਚੰਗੀਆਂ ਤਨਖ਼ਾਹਾਂ ਵੀ ਦਿੱਤੀਆਂ ਜਾਣਗੀਆਂ।

ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਨੂੰ ਸਵੀਕਾਰ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਐਮ.ਬੀ.ਬੀ.ਐਸ. ਪਾਸ ਵਿਦਿਆਰਥੀਆਂ ਨੂੰ 70000 ਰੁਪਏ ਮਹੀਨਾ ਤਨਖ਼ਾਹ ਤੋਂ ਇਲਾਵਾ ਰਿਹਾਇਸ਼ ਅਤੇ ਹੋਰ ਸਹੂਲਤਾਂ ਸਰਕਾਰ ਵੱਲੋਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਪੰਜਾਬ ਵਿੱਚ ਸੈਕੰਡਰੀ ਸਿਹਤ ਸੇਵਾਵਾਂ ਨੂੰ ਵਧਾਉਣ ਲਈ ਇੱਕ ਕ੍ਰਾਂਤੀਕਾਰੀ ਸੰਕਲਪ ਹੈ ਜਿਸਨੂੰ ਜਲਦ ਹੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਐਮ.ਬੀ.ਬੀ.ਐਸ. ਪਾਸ ਨੌਜਵਾਨਾਂ ਨੂੰ ਆਨਲਾਈਨ ਮਾਧਿਅਮ ਰਾਹੀਂ ਮੈਡੀਕਲ ਕਾਲਜਾਂ ਦੇ ਸਾਡੇ ਅਧਿਆਪਕਾਂ ਰਾਹੀਂ ਡਿਊਟੀ ਦੌਰਾਨ ਪ੍ਰੈਕਟੀਕਲ ਅਤੇ ਥਿਊਰੈਟੀਕਲ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੁਪਰ ਸਪੈਸ਼ਲਿਸਟਾਂ ਦੀਆਂ ਤਨਖਾਹਾਂ ਵਿੱਚ ਵੀ ਸੋਧ ਕੀਤੀ ਜਾ ਰਹੀ ਹੈ ਤਾਂ ਜੋ ਵੱਧ ਤੋਂ ਵੱਧ ਡਾਕਟਰ ਸਰਕਾਰੀ ਸੇਵਾਵਾਂ ਵਿੱਚ ਸ਼ਾਮਲ ਹੋ ਸਕਣ।

ਗਾਇਨੀਕੋਲੋਜਿਸਟਸ ਅਤੇ ਹੋਰ ਮਾਹਿਰਾਂ ਦੀ ਘਾਟ ਨਾਲ ਨਜਿੱਠਣ ਲਈ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਕਾਰ ਸਰਜਰੀ-ਅਧਾਰਤ ਪ੍ਰਕਿਰਿਆਵਾਂ ਲਈ ਸਥਾਨਕ ਪ੍ਰਾਈਵੇਟ ਉੱਚ ਯੋਗਤਾ ਪ੍ਰਾਪਤ ਡਾਕਟਰਾਂ ਨੂੰ ਨਿਯੁਕਤ ਕਰਨ ਲਈ ਇੱਕ ਨੀਤੀ ਲਿਆਉਣ ’ਤੇ ਵਿਚਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੈਡੀਕਲ ਕਾਲਜਾਂ ਦੇ ਡਾਕਟਰਾਂ ਅਤੇ ਪ੍ਰਾਈਵੇਟ ਹਸਪਤਾਲਾਂ ਦੇ ਡਾਕਟਰਾਂ ਦੇ ਸਹਿਯੋਗ ਨਾਲ ਮਿਆਰੀ ਇਲਾਜ ਦੇਣ ਲਈ ਜਲਦ ਹੀ ਜ਼ਿਲ੍ਹਾ ਰੈਜ਼ੀਡੈਂਸੀ ਪ੍ਰੋਗਰਾਮ ਵੀ ਸ਼ੁਰੂ ਕਰੇਗੀ। ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ, ਦਵਾਈਆਂ ਅਤੇ ਟੈਸਟਿੰਗ ਸਹੂਲਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਸਭ ਤੋਂ ਵੱਡੀ ਤਰਜੀਹ ਹੈ ਅਤੇ ਸੂਬੇ ਵਿੱਚ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ, ਹਾਲ ਹੀ ਬਜਟ ਵਿੱਚ ਵੀ ਚੋਖਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪ੍ਰਾਇਮਰੀ ਸਿਹਤ ਖੇਤਰ ਨੂੰ ਹੁਲਾਰਾ ਦੇਣ ਲਈ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਉਨ੍ਹਾਂ ਦੇ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 504 ਆਮ ਆਦਮੀ ਕਲੀਨਿਕਾਂ ਦੇ ਸਫਲ ਸੰਚਾਲਨ ਦੇ ਨਾਲ, ਜਲਦ ਹੀ 142 ਹੋਰ ਕਲੀਨਿਕ ਖੋਲ੍ਹੇ ਜਾਣੇ ਹਨ। ਉਨ੍ਹਾਂ ਕਿਹਾ ਕਿ ਵੈਲਨੈਸ ਸੈਂਟਰ ਪਹਿਲਾਂ ਹੀ ਕੰਮ ਕਰ ਰਹੇ ਹਨ ਅਤੇ ਆਮ ਆਦਮੀ ਕਲੀਨਿਕਾਂ ਨਾਲ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮਿਲ ਰਹੀਆਂ ਹਨ ਜਿੱਥੇ 80 ਵੱਖ-ਵੱਖ ਦਵਾਈਆਂ ਅਤੇ 41 ਟੈਸਟ ਮੁਫ਼ਤ ਕੀਤੇ ਜਾ ਰਹੇ ਹਨ।



ਸਿਹਤ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਲੁਧਿਆਣਾ ਵਿੱਚ 30 ਨਵੇਂ ਆਮ ਆਦਮੀ ਕਲੀਨਿਕ ਅਤੇ 110 ’ਸੀ.ਐਮ. ਕੀ ਯੋਗਸ਼ਾਲਾ’ ਖੋਲ੍ਹੀਆਂ ਜਾਣਗੀਆਂ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਦਾ ਸਰਕਟ ਹਾਊਸ ਪਹੁੰਚਣ ’ਤੇ ਡਿਪਟੀ ਕਮਿਸ਼ਨਰ ਸੁਰਭੀ ਮਲਿਕ ਅਤੇ ਹੋਰਨਾਂ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਮੌਕੇ ਵਿਧਾਇਕ ਸਰਵਜੀਤ ਕੌਰ ਮਾਣੂੰਕੇ, ਮਦਨ ਲਾਲ ਬੱਗਾ, ਦਲਜੀਤ ਸਿੰਘ ਭੋਲਾ ਗਰੇਵਾਲ, ਜੀਵਨ ਸਿੰਘ ਸੰਗੋਵਾਲ, ਰਜਿੰਦਰਪਾਲ ਕੌਰ ਛੀਨਾ, ਹਰਦੀਪ ਸਿੰਘ ਮੁੰਡੀਆਂ, ਅਸ਼ੋਕ ਪਰਾਸ਼ਰ ਪੱਪੀ, ਗੁਰਪ੍ਰੀਤ ਬੱਸੀ ਗੋਗੀ, ਮਾਰਕਫੈੱਡ ਦੇ ਚੇਅਰਮੈਨ ਅਮਨਦੀਪ ਸਿੰਘ ਮੋਹੀ, ਜੈਨਕੋ ਦੇ ਚੇਅਰਮੈਨ ਨਵਜੋਤ ਸਿੰਘ ਜਰਗ, ਜ਼ਿਲ੍ਹਾ ਪ੍ਰਧਾਨ ਹਰਭੁਪਿੰਦਰ ਸਿੰਘ ਧਰੌੜ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਸੁਰੇਸ਼ ਗੋਇਲ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਿਤ ਕੁਮਾਰ ਪੰਚਾਲ, ਸਿਵਲ ਸਰਜਨ ਡਾ. ਹਿਤਿੰਦਰ ਕੌਰ ਤੋਂ ਇਲਾਵਾ ਸਿਹਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਇਸ ਦੌਰਾਨ ਕੈਬਨਿਟ ਮੰਤਰੀ ਵਲੋਂ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਨਸ਼ਾ ਛੁਡਾਊ ਕੇਂਦਰਾਂ, ਆਮ ਆਦਮੀ ਕਲੀਨਿਕਾਂ ਦੇ ਕੰਮਕਾਜ ਅਤੇ ਹੋਰਾਂ ਸਮੇਤ ਵੱਖ-ਵੱਖ ਪ੍ਰੋਗਰਾਮਾਂ ਅਤੇ ਸਕੀਮਾਂ ਦੀ ਸਮੀਖਿਆ ਵੀ ਕੀਤੀ।

# ਨਵੇਂ ਵਿਦਿਅਕ ਸ਼ੈਸਨ ਦੌਰਾਨ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਸਬੰਧੀ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ/ਪ੍ਰਾਇਮਰੀ, ਉਪ ਜਿਲ੍ਹਾ ਸਿੱਖਿਆ ਅਫ਼ਸਰ,ਸਕੂਲ ਪ੍ਰਿੰਸੀਪਲਾਂ ਨਾਲ ਚੇਅਰਮੈਨ ਜਿਲ੍ਹਾ ਯੋਜਨਾ ਕਮੇਟੀ/ਜਿਲ੍ਹਾ ਪ੍ਰਧਾਨ ਲੁਧਿਆਣਾ ਸ਼ਰਨ ਪਾਲ ਸਿੰਘ ਮੱਕੜ ਹੋਰਾਂ ਨੇ ਮੀਟਿੰਗ ਕੀਤੀ





**ਲੁਧਿਆਣਾ/ਸ਼ੰਮੀ ਕੁਮਾਰ**

ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਅਤੇ ਪ੍ਰਾਇਮਰੀ ਵਲੋਂ ਜਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਆਉਣ ਵਾਲੇ ਨਵੇਂ ਵਿਦਿਅਕ ਸ਼ੈਸਨ ਦੌਰਾਨ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਸਬੰਧੀ ਚੇਅਰਮੈਨ ਜਿਲ੍ਹਾ ਯੋਜਨਾ ਕਮੇਟੀ/ਜਿਲ੍ਹਾ ਪ੍ਰਧਾਨ ਲੁਧਿਆਣਾ ਸ਼ਰਨ ਪਾਲ ਸਿੰਘ ਮੱਕੜ ਜੀ ਨੇ ਵਿਸ਼ੇਸ਼ ਤੌਰ ਤੇ ਜਿਲ੍ਹਾ ਲੁਧਿਆਣਾ ਦੇ ਸਕੂਲ ਪ੍ਰਿੰਸੀਪਲਾਂ ਅਤੇ ਬਲਾਕ ਸਿੱਖਿਆ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਚੇਅਰਮੈਨ ਸ਼ਰਨ ਪਾਲ ਸਿੰਘ ਮੱਕੜ ਜੀ ਵਲੋ ਸਮੂਹ ਅਧਿਆਪਕ ਵਰਗ ਨੂੰ ਸਾਰੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਸਬੰਧੀ ਅਪੀਲ ਕੀਤੀ ਗਈ ਅਤੇ ਪੰਜਾਬ ਵਿੱਚੋ ਸਭ ਤੋਂ ਵੱਧ ਜਿਲ੍ਹਾ ਲੁਧਿਆਣਾ ਦੇ ਸਕੂਲਾਂ ਵਿਚ ਦਾਖਲਾ ਕਰਨ ਲਈ ਪ੍ਰੇਰਿਤ ਕੀਤਾ। ਚੇਅਰਮੈਨ ਸ਼ਰਨ ਪਾਲ ਸਿੰਘ ਮੱਕੜ ਹੋਰਾਂ ਨੇ ਕਿਹਾ ਕਿ ਸਾਡੇ ਸਤਿਕਾਰਯੋਗ ਸਿਖਿਆ ਮੰਤਰੀ ਸ੍ਰ ਹਰਜੋਤ ਸਿੰਘ ਬੈਂਸ ਜੀ ਜੋ ਮਹਿਨਤ ਅਤੇ ਲਗਨ ਨਾਲ ਸਰਕਾਰੀ ਸਕੂਲਾਂ ਦੀ ਵਿਦਿਆ ਦਾ ਮਿਆਰ ਉਚਾ ਚੁੱਕਣ ਲਈ ਜੋ ਉਪਰਾਲਾ ਕਰ ਰਹੇ ਹਨ ਉਹ ਪੰਜਾਬ ਵਾਸੀਆਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਆਉਂਦੇ ਸਮੇਂ ਵਿੱਚ ਲੋਕ ਆਪਣੇ ਬੱਚਿਆ ਦਾ ਪ੍ਰਾਈਵੇਟ ਸਕੂਲਾਂ ਦੀ ਥਾਂ ਤੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਕਰਵਾਉਣਗੇ। ਆਉਣ ਵਾਲੇ ਨਵੇਂ ਵਿਦਿਅਕ ਸ਼ੈਸਨ ਕਰਕੇ ਹੁਣ ਤੱਕ ਜਿਲ੍ਹਾ ਲੁਧਿਆਣਾ ਵਿੱਚ 28000 ਬਚਿਆਂ ਦੇ ਨਵੇਂ ਦਾਖਲੇ ਹੋ ਚੁੱਕੇ ਹਨ ਜੋਂ ਕਿ ਨਵੇਂ ਵਿਦਿਅਕ ਸ਼ੈਸਨ ਸ਼ੁਰੂ ਹੋਣ ਤਕ ਜਾਰੀ ਰਹਿਣਗੇ। ਇਸ ਸਬੰਧ ਵਿੱਚ ਆਮ ਆਦਮੀ ਪਾਰਟੀ ਵੱਲੋਂ ਵਲੰਟੀਅਰਜ਼ ਦੀਆਂ ਡਿਊਟੀਆਂ ਲਗਾ ਕੇ ਪੰਜਾਬ ਵਾਸੀਆਂ ਨੂੰ ਸਰਕਾਰ ਦੁਆਰਾ ਕੀਤੀਆ ਜਾ ਰਹੀਆ ਸਕੂਲ ਉਪਲੱਬਧੀਆਂ ਬਾਰੇ ਦੱਸ ਕੇ ਜਾਗਰੂਕ ਕੀਤਾ ਜਾਵੇਗਾ।

ਇਸ ਮੌਕੇ ਤੇ ਜਿਲ੍ਹਾ ਸਿੱਖਿਆ ਅਫਸਰ ਹਰਜੀਤ ਸਿੰਘ, ਪ੍ਰਾਇਮਰੀ ਸਿੱਖਿਆ ਅਫਸਰ ਬਲਦੇਵ ਸਿੰਘ, ਉਪ ਜਿਲ੍ਹਾ ਸਿੱਖਿਆ ਅਫ਼ਸਰ ਅਸ਼ੀਸ਼ ਕੁਮਾਰ, ਜਸਵਿੰਦਰ ਸਿੰਘ, ਸੀਮਾ ਗੋਇਲ, ਵਿਸ਼ਾਲ ਮਿੱਤਲ, ਸੰਜੀਵ ਕੁਮਾਰ, ਅਤੇ ਹਰਮਿੰਦਰ ਸਿੰਘ ਰੋਮੀ ਹੋਰੀ ਮੋਜੂਦ ਸਨ।

# ਕੇ.ਸੀ. ਮੈਨਜਮੈਂਟ ਕਾਲਜ ਦੇ ਸਟੂਡੈਂਟ ਨੇ ਸਟਾਫ ਦੇ ਨਾਲ ਕੀਤਾ ਚੰਡੀਗੜ੍ਹ ਦੇ ਬੀਐਸਈ ਦਫਤਰ ਦਾ ਵਿਜ਼ਿਟ



**ਨਵਾਂਸ਼ਹਿਰ/ਲੋਕ ਬਾਣੀ**

ਕੇਸੀ ਮੈਨਜਮੈਂਟ ਕਾਲਜ ਦੇ ਸਟੂਡੈਂਟ ਅਤੇ ਸਟਾਫ ਦਾ ਇੰਡਸਟਰੀਅਲ ਵਿਜਿਟ ਕੈਂਪਸ ਡਾਇਰੈਕਟਰ ਡਾ. ਰਸ਼ਮੀ ਗੁਜਰਾਤੀ ਦੀ ਦੇਖਰੇਖ ’ਚ ਚੰਡੀਗੜ ਦੇ ਬੰਬੇ ਸਟਾੱਕ ਐਕਸਚੈਂਜ ਅਤੇ ਸੇਬੀ ਦਫੱਤਰ ਦਾ ਵਿਜਿਟ ਕਰ ਵਾਪਸ ਪਰਤੇ ਹਨ। ਇਸ ਵਿਜਿਟ ’ਚ ਬੀਕਾੱਮ ਅਤੇ ਬੀਬੀਏ ਦੇ ਸਟੂਡੈਂਟ ਦੇ ਨਾਲ ਟੀਚਰ ਪ੍ਰੋ. ਅੰਕੁਸ਼ ਨਿਝਾਵਨ, ਪ੍ਰਭਜੋਤ ਸਿੰਘ, ਪ੍ਰਭਜੋਤ ਕੌਰ ਅਤੇ ਮਨਦੀਪ ਕੌਰ ਵੀ ਗਏ। ਉੱਥੇ ਸਟੂਡੈਂਟ ਨੇ ਸਟਾੱਕ ਐਕਸਚੈਂਜ ਦੀ ਕਾਰਜਪ੍ਰਣਾਲੀ ਪ੍ਰਤੀ ਜਾਣਕਾਰੀ ਹਾਸਲ ਕੀਤੀ। ਬੀਐਸਈ ਦੇ ਰਿਸੋਰਸ ਪਰਸਨ ਉਮਾ ਭਾਰਦਵਾਜ ਨੇ ਦੱਸਿਆ ਕਿ ਹਰ ਵਿਅਕਤੀ ਅੰਬਾਨੀ, ਅਡਾਨੀ ਅਤੇ ਰਤਨ ਟਾਟਾ ਨਹੀਂ ਬਣ ਸਕਦਾ, ਪਰੰਤੂ ਉਹਨਾਂ ਦੀ ਕੰਪਨੀ ਦੇ ਸ਼ੇਅਰ ਖਰੀਦ ਕੇ ਕੰਪਨੀ ਦਾ ਮਾਲਕ ਜਰੂਰ ਬਣ ਸਕਦਾ ਹੈ। ਹਰ ਵਿਅਕਤੀ ਨੂੰ ਅਪਣਾ ਵਪਾਰ ਨਹੀਂ ਅਪਣਾ ਸਟੇਟਸ ਬਦਲਨਾ ਹੈ, ਇਸ ਸਮੇਂ ਸ਼ੇਅਰ ਮਾਰਕੀਟ ਨੂੰ ਕੈਸ਼ ਮਾਰਕੀਟ ਨੇ ਪ੍ਰਭਾਵਿਤ ਕੀਤੀ ਹੈ। ਲੋਕ ਬੈਂਕਾ ਜੀ ਜਗਾ ਸ਼ੇਅਰ ਮਾਰਕੀਟ ’ਚ ਪੈਸੇ ਲਗਾ ਰਹੇ ਹਨ। ਹਰ ਵਿਅਕਤੀ ਦੇ ਲਈ ਇਸ ਸਮੇਂ ਪੈਸਾ ਕਮਾਉਣਾ ਅਤੇ ਬਚਾਉਣਾ ਅਸਾਨ ਕੰਮ ਨਹੀਂ ਹੈ। ਇਸ ਆੱਨਲਾਇਨ ਯੁਗ ’ਚ ਜਮਾਕਰਤਾ ਦੀ ਸੋਚ ਬਦਲੀ ਹੈ। ਹਰ ਵਿਅਕਤੀ ਕੰਪਨੀ ਦੇ ਬਾਰੇ ਪੂਰੀ ਜਾਣਕਾਰੀ ਲੈ ਕੇ ਹੀ ਅਪਣੇ ਪੈਸੇ ਇਨਵੈਸਟ ਕਰ ਸਕਦਾ ਹੈ। ਪਿਛਲੇ ਕੁਝ ਸਾਲਾਂ ਤੋ ਲੋਕ ਹੱਥਾਂ ’ਚ ਪੈਸੇ ਲੈ ਕੇ ਜਾਉਣ ਦੀ ਵਜਾਏ ਪੈਸੇ ਟਰਾਂਸਫਰ ਕਰ ਅਪਣੀ ਤੇ ਗਾਹਕ ਦੇ ਸਮੇਂ ਦੀ ਬਚਤ ਕਰ ਰਹੇ ਹੈ। ਸਾਨੂੰ ਅਪਣੇ ਪੈਸਿਆਂ ਨੂੰ ਸਹੀ ਢੰਗ ਦੇ ਨਾਲ ਇਨਵੈਸਮੈਂਟ ਕਰਨਾ ਚਾਹੀਦਾ ਹੈ। ਪ੍ਰੋ. ਅੰਕੁਸ਼ ਨਿਝਾਵਨ ਨੇ ਦੱਸਿਆ ਕਿ ਇੰਡਸਟਰੀਅਲ ਵਿਟਿ ਵਿਦਿਆਰਥੀਆਂ ਦੇ ਲਈ ਜਰੂਰੀ ਹੈ , ਇਹ ਉਹਨਾਂ ਦੇ ਪੜਾਈ ਦਾ ਹੀ ਹਿੱਸਾ ਹੈ, ਜਿਸ ’ਚ ਵਿਦਿਆਰਥੀ ਕੰਪਨੀ ਦੀ ਕਾਰਜਪ੍ਰਣਾਲੀ ਵਾਰੇ ਜਾਣਦੇ ਹਨ। ਕਾਲਜ ਮੈਨਜਮੈਂਟ ਵਲੋਂ ਸਮੇਂ ਸਮੇਂ ਤੇ ਬੱਚਿਆਂ ਦੇ ਉਨੱਤ ਅਤੇ ਚਹੁੰਮੁਖੀ ਵਿਕਾਸ ਦੇ ਲਈ ਲਗਾਤਾਰ ਪ੍ਰਯਾਸਰਤ ਰਹਿੰਦਾ ਹੈ ਅਤੇ ਕਾਲਜ ਵਲੋਂ ਸਮੇਂ ਸਮੇਂ ਤੇ ਅਜਿਹੀਆਂ ਗਤਿਵਿਧਿਆਂ ਕਰਵਾਈਆਂ ਜਾਂਦੀਆਂ ਹਨ।

# 33ਵਾਂ ਅੰਤਰਰਾਸ਼ਟਰੀ ਗੁਰਮਤਿ ਸਮਾਗਮ ਸਮਾਗਮ ਖਾਲਸਾਈ ਜਾਹੋ ਜਲਾਲ ਦੇ ਨਾਲ ਆਰੰਭ

## ਗੁਰਮਤਿ ਸਮਾਗਮ ਅੰਦਰ ਪ੍ਰਮੁੱਖ ਸੰਤ-ਮਹਾਂਪੁਰਖਾਂ, ਪੰਥਕ ਸ਼ਖ਼ਸ਼ੀਅਤਾਂ ਤੇ ਪ੍ਰਸਿੱਧ ਕੀਰਤਨੀ ਜੱਥਿਆਂ ਨੇ ਭਰੀਆਂ ਹਾਜ਼ਰੀਆਂ



**ਲੁਧਿਆਣਾ/ਲੋਕ ਬਾਣੀ**
ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਪਿਛਲੇ 32 ਸਾਲਾਂ ਦੇ ਲੰਮੇ ਅਰਸੇ ਤੋ ਸ਼ਬਦ ਗੁਰੂ ਧੰਨ ਧੰਨ ਸ਼ ?ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਦਾ ਅਧਿਆਤਮਕ ਤੇ ਰੁਹਾਨੀਅਤ ਦਾ ਸ਼ੰਦੇਸ਼ ਦੇਣ ਵਿੱਚ ਆਪਣਾ ਮੋਹਰੀ ਰੋਲ ਨਿਭਾ ਰਿਹਾ 33 ਵਾਂ ਅੰਤਰਰਾਸ਼ਟਰੀ ਗੁਰਮਤਿ ਸਮਾਗਮ ਬੀਤੀ ਸ਼ਾਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਖੇ ਪੂਰੇ ਖਾਲਸਾਈ ਜਾਹੋ ਜਲਾਲ ਦੇ ਨਾਲ ਆਰੰਭ ਹੋਇਆ। ਦਸ਼ਮੇਸ਼ ਪਿਤਾ ਸਾਹਿਬ ਸ਼ ?ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਮਾਤਾ ਸਮੇਤ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਅਤੇ ਬਾਬਾ ਨੰਦ ਸਿੰਘ ਜੀ ਅਤੇ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਕੀਤੇ ਗਏ ਉਕਤ 33 ਵੇਂ ਅੰਤਰਰਾਸ਼ਟਰੀ ਗੁਰਮਤਿ ਸਮਾਗਮ ਅੰਦਰ ਵਿਸ਼ੇਸ਼ ਤੌਰ ਤੇ ਨਾਨਕਸਰ ਸੰਪ੍ਰਦਾ ਦੇ ਮੁੱਖੀ ਸੰਤ ਬਾਬਾ ਲੱਖਾ ਸਿੰਘ ਤੇ ਮਾਤਾ ਵਿਪਨਪ੍ਰੀਤ ਕੌਰ ਜੀ ਨੇ ਆਪਣੀਆਂ ਹਾਜ਼ਰੀਆਂ ਭਰੀਆਂ ।ਇਸ ਦੌਰਾਨ ਦੇਸ਼ ਵਿਦੇਸ਼ ਤੋ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਸੰਤ ਬਾਬਾ ਲੱਖਾ ਸਿੰਘ ਨਾਨਕਸਰ ਵਾਲਿਆਂ ਨੇ ਕਿਹਾ ਕਿ ਸ਼ਬਦ ਗੁਰੂ ਸ਼ ?ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਜਿੱਥੇ ਮਨੁੱਖ ਨੂੰ ਅਧਿਆਤਮਕ ਤੇ ਰੁਹਾਨੀਅਤ ਦੇ ਰੰਗ ਵਿੱਚ ਰੰਗਦੀ ਹੈ ਉੱਥੇ ਸਮੁੱਚੀ ਲੋਕਾਈ ਨੂੰ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇ ਕੇ ਪ੍ਰਮਾਤਮਾ ਦੀ ਬੰਦਗੀ ਕਰਕੇ ਆਪਣਾ ਜੀਵਨ ਸਫ਼ਲ ਕਰਨ ਦਾ ਉਪਦੇਸ਼ ਵੀ ਦਿੰਦੀ ਹੈ ਉਨ੍ਹਾਂ ਨੇ ਕਿਹਾ ਕਿ ਹਰ ਸਾਲ ਅੰਤਰਰਾਸ਼ਟਰੀ ਗੁਰਮਤਿ ਸਮਾਗਮ ਕਰਵਾਉਣ ਦਾ ਨਿੱਘਾ ਉਪਰਾਲਾ ਤੇ ਉੱਦਮ ਕਰਨ ਵਾਲੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ ਵੱਲੋਂ ਇਸ ਵਾਰ ਦਾ ਗੁਰਮਤਿ ਸਮਾਗਮ ਨਾਨਕਸਰ ਸੰਪ੍ਰਦਾ ਦੇ ਮਹਾਂਪੁਰਖਾ ਦੀ ਨਿੱਘੀ ਯਾਦ ਨੂੰ ਸਮਰਪਿਤ ਕੀਤਾ ਗਿਆ ਹੈ। ਉਹ ਸਮੁੱਚੀਆਂ ਸੰਗਤਾਂ ਨੂੰ ਭਗਤੀ ਤੇ ਸ਼ਕਤੀ ਦੇ ਸਕੰਲਪ ਨਾਲ ਜੋੜਦਾ ਹੈ। ਗੁਰਮਤਿ ਸਮਾਗਮ ਦੌਰਾਨ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਚਮਨਜੀਤ ਸਿੰਘ ਜੀ ਲਾਲ 'ਦਿੱਲੀ ਵਾਲੇ', ਭਾਈ ਅਮਰਜੀਤ ਸਿੰਘ ਤਾਨ, ਭਾਈ ਅਮਰਜੀਤ ਸਿੰਘ 'ਪਟਿਆਲੇ ਵਾਲੇ', ਭਾਈ ਗੁਰਸ਼ਰਨ ਸਿੰਘ 'ਲੁਧਿਆਣੇ ਵਾਲੇ' ਅਤੇ ਭਾਈ ਦਵਿੰਦਰ ਸਿੰਘ ਸੋਢੀ ਦੇ ਜੱਥਿਆਂ ਨੇ ਗੁਰੂ ਸਾਹਿਬਾ ਵੱਲੋ ਉਚਰੀ ਇਲਾਹੀ ਬਾਣੀ ਦਾ ਆਨੰਦਮਈ ਕੀਰਤਨ ਕਰਕੇ ਜਿੱਥੇ ਸੰਗਤਾਂ ਨੂੰ ਗੁਰੂ ਜਸ ਰਾਹੀਂ ਨਿਹਾਲ ਕੀਤਾ, ਉੱਥੇ ਵਿਸ਼ੇਸ਼ ਤੌਰ ਤੇ ਗੁਰਮਤਿ ਸਮਾਗਮ ਦੇ ਮੁੱਖ ਪ੍ਰਬੰਧਕ ਤੇ ਗੁਰੂ ਘਰ ਦੇ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ ਨੇ ਖਾਲਸਾਈ ਜੈਕਾਰਿਆਂ ਦੀ ਗੂੰਜ ਵਿੱਚ ਰਵਾਇਤੀ ਬੀਰ ਰੱਸੀ ਸ਼ਬਦ ਦਾ ਗਾਇਨ ਕਰਕੇ ਸਮੁੱਚੇ ਮਾਹੌਲ ਨੂੰ ਖਾਲਸਾਈ ਰੰਗ ਵਿੱਚ ਰੰਗ ਦਿੱਤਾ ।ਸਮੁੱਚੇ ਸਮਾਗਮ ਦੌਰਾਨ ਸਟੇਜ ਦੀ ਸੇਵਾ ਪੰਥ ਦੇ ਉੱਘੀ ਸ਼ਖਸੀਅਤ ਸ.ਭਗਵਾਨ ਸਿੰਘ ਜੌਹਲ ਨੇ ਬੜੀ ਬਾਖੂਬੀ ਨਾਲ ਨਿਭਾਈ। ਇਸ ਮੌਕੇ ਭਾਈ ਦਵਿੰਦਰ ਸਿੰਘ ਸੋਢੀ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ.ਇੰਦਰਜੀਤ ਸਿੰਘ ਮੱਕੜ ਸਮੇਤ ਕਈ ਹੋਰ ਪ੍ਰਮੁੱਖ ਸਖਸ਼ੀਅਤਾਂ ਵੱਲੋਂ ਸਾਂਝੇ ਤੌਰ ਤੇ ਸਮਾਗਮ ਅੰਦਰ ਪੁੱਜੇ ਸੰਤ -ਮਹਾਪੁਰਸ਼ਾਂ, ਧਾਰਮਿਕ ਸ਼ਖਸ਼ੀਅਤਾਂ ਸਮੇਤ ਸਮੂਹ ਕੀਰਤਨੀ ਜੱਥਿਆਂ ਨੂੰ ਸਿਰਪਾਉ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਉਨ੍ਹਾਂ ਦੇ ਨਾਲ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰ ਮਹਿੰਦਰ ਸਿੰਘ ਡੰਗ, ਅਤਰ ਸਿੰਘ ਮੱਕੜ, ਜਗਦੇਵ ਸਿੰਘ ਕਲਸੀ, ਜਗਜੀਤ ਸਿੰਘ ਅਹੂਜਾ, ਰਜਿੰਦਰ ਸਿੰਘ ਡੰਗ, ਬਲਜੀਤ ਸਿੰਘ ਬਾਵਾ, ਅਵਤਾਰ ਸਿੰਘ ਬੀ.ਕੇ., ਹਰਪਾਲ ਸਿੰਘ ਖਾਲਸਾ ਫਰਨੀਚਰ, ਐਸ.ਪੀ. ਸਿੰਘ ਖੁਰਾਣਾ, ਸੰਦੀਪ ਸਿੰਘ ਧਵਨ, ਭੁਪਿੰਦਰ ਸਿੰਘ ਨਿਸ਼ਕਾਮ, ਰਾਜਵੰਤ ਸਿੰਘ ਵੋਹਰਾ ਫ਼ਤਿਹ ਟੀ.ਵੀ ਵਾਲੇ, ਅਵਤਾਰ ਸਿੰਘ ਮਿੱਡਾ,ਬਲਬੀਰ ਸਿੰਘ ਭਾਟੀਆ, ਸ਼ ?ਰੀ ਅਨੀਲ ਖਟਵਾਨੀ,ਭੁਪਿੰਦਰ ਸਿੰਘ ਅਰੋੜਾ, ਗੁਰਪੀਤ ਸਿੰਘ,,ਬੀਬੀ ਕੁਲਵਿੰਦਰ ਕੌਰ ਬਿਲਗੇ ਵਾਲੇ, ਸ੍ਰ ਮਹਿੰਦਰ ਸਿੰਘ, ਪੂਰਨ ਸਿੰਘ ਜੀ ਬਿਲਗਾ,ਪ੍ਰਿਤਪਾਲ ਸਿੰਘ, ਮਨਜੀਤ ਸਿੰਘ ਸੇਠੀ, ਖੁਸ਼ਦਿਲ ਸਿੰਘ, ਸਤਨਾਮ ਸਿੰਘ, ਬਹਾਦਰ ਸਿੰਘ, ਹਰਪ੍ਰੀਤ ਸਿੰਘ ਬਿੱਟੂ, ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਮਾਡਲ ਕਰੀਅਰ ਸੈਂਟਰ ਸਕੀਮ ਅਧੀਨ ਰੋਜ਼ਗਾਰ ਮੇਲੇ ਦਾ ਆਯੋਜਨ



**ਨਵਾਂਸ਼ਹਿਰ/ਲੋਕ ਬਾਣੀ**
ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਮਾਡਲ ਕਰੀਅਰ ਸੈਂਟਰ ਸਕੀਮ ਅਧੀਨ ਬਿਊਰੋ ਵਿੱਚ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਲਲਿਤ ਮੋਹਨ ਪਾਠਕ, ਨਵਾਂਸ਼ਹਿਰ, ਸੀਨੀਅਰ ਆਗੂ ਆਮ ਆਦਮੀ ਪਾਰਟੀ, ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਉਨ੍ਹਾਂ ਵੱਲੋਂ ਮੇਲੇ ਵਿੱਚ ਭਾਗ ਲੈ ਰਹੇ ਉਮੀਦਵਾਰਾਂ ਅਤੇ ਕੰਪਨੀਆਂ ਦੇ ਪ੍ਰਤੀਨਿਧਾਂ ਨਾਲ ਮੁਲਾਕਾਤ ਕੀਤੀ ਗਈ। ਉਨ੍ਹਾਂ ਵੱਲੋਂ ਉਮੀਦਵਾਰਾਂ ਨੂੰ ਰਾਜ ਸਰਕਾਰ ਵੱਲੋਂ ਰੋਜ਼ਗਾਰ ਸਬੰਧੀ ਉਪਲਬਧ ਕਰਵਾਏ ਜਾ ਰਹੇ ਮੌਕਿਆਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਕੰਪਨੀ ਪ੍ਰਤੀਨਿਧਾਂ ਨੂੰ ਵੱਧ ਤੋਂ ਵੱਧ ਉਮੀਦਵਾਰਾਂ ਨੂੰ ਰੋਜ਼ਗਾਰ ਉਪਲਬਧ ਕਰਵਾਉਣ ਲਈ ਕਿਹਾ ਗਿਆ। ਉਨ੍ਹਾਂ ਵੱਲੋਂ ਰਾਜ ਸਰਕਾਰ ਅਤੇ ਰੋਜ਼ਗਾਰ ਦਫਤਰ ਦੇ ਉਪਰਾਲੇ ਦੀ ਵੀ ਸ਼ਲਾਘਾ ਕੀਤੀ ਗਈ।

ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਸੰਜੀਵ ਕੁਮਾਰ ਵੱਲੋਂ ਦੱਸਿਆ ਗਿਆ ਕਿ ਅੱਜ ਦੇ ਰੋਜ਼ਗਾਰ ਮੇਲੇ ਦੌਰਾਨ 217 ਉਮੀਦਵਾਰਾਂ ਵੱਲੋਂ ਅਤੇ ਐਨ ਆਈ ਆਈ ਟੀ, ਆਈ ਸੀ ਆਈ ਸੀ ਆਈ ਫਾਊਂਡੇਸ਼ਨ, ਬਜਾਜ ਫਾਇਨਾਂਸ ਅਤੇ ਕਰੀਮਿਕਾ ਐਗਰੋ ਫੂਡਜ ਪ੍ਰਾਈਵੇਟ ਲਿਮਿਟੇਡ ਗਰੁੱਪ ਦੇ ਪ੍ਰਤੀਨਿਧਾਂ ਵੱਲੋਂ ਬਤੌਰ ਨਿਯੋਜਕ ਭਾਗ ਲਿਆ। ਰੋਜ਼ਗਾਰ ਮੇਲੇ ਦੌਰਾਨ 103 ਉਮੀਦਵਾਰ ਸ਼ਾਰਟਲਿਸਟ ਕੀਤੇ ਗਏ।

ਅਧਿਕਾਰੀ ਵੱਲੋਂ ਇਹ ਵੀ ਦੱਸਿਆ ਗਿਆ ਕਿ 21 ਮਾਰਚ ਨੂੰ ਬਾਬਾ ਬਲਰਾਜ ਕਾਲਜ, ਭੱਦੀ ਰੋਡ, ਬਲਾਚੌਰ ਵਿਖੇ ਵੀ ਮੈਗਾ ਰੋਜ਼ਗਾਰ ਮੇਲਾ ਲਾਇਆ ਜਾ ਰਿਹਾ ਹੈ ਜਿਸ ਵਿੱਚ ਲਗਭਗ 10 ਕੰਪਨੀਆਂ ਭਾਗ ਲੈ ਰਹੀਆਂ ਹਨ। 10ਵੀਂ,12ਵੀਂ, ਗਰੈਜੂਏਟ, ਪੋਸਟ ਗਰੈਜੂਏਟ, ਆਈ.ਟੀ.ਆਈ. ਪਾਸ ਉਮੀਦਵਾਰ ਆਪਣੇ ਬਾਇਓਡਾਟਾ ਦੀਆਂ ਕਾਪੀਆਂ ਲੈ ਕੇ ਰੋਜ਼ਗਾਰ ਮੇਲੇ ਵਿੱਚ ਭਾਗ ਲੈ ਸਕਦੇ ਹਨ।

# ਹਾੜੀ 2022-23 ਵਿੱਚ ਖੇਤੀਬਾੜੀ ਬੀਮਾ ਕੰਪਨੀ ਵੱਲੋਂ ਫਸਲੀ ਬੀਮੇ ਤਹਿਤ ਲਏ ਗਏ ਬੀਮੇ ਦੇ ਪ੍ਰੀਮੀਅਮ ਦੀ ਬੀਮਾ ਪਾਲਿਸੀ ਕਿਸਾਨਾਂ ਨੂੰ ਜਲਦੀ ਦਿੱਤੀ ਜਾਵੇ : ਲਖਵਿੰਦਰ ਸਿੰਘ ਔਲਖ




**ਸਿਰਸਾ/ਪਵਨਸ਼ਰਮਾ**
ਖੇਤੀਬਾੜੀ ਬੀਮਾ ਕੰਪਨੀ ਵੱਲੋਂ ਹਾੜੀ 2022-23 ਦੀ ਫਸਲ ਦੀ ਕਟਾਈ 1 ਮਾਰਚ 2023 ਤੋਂ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਵਿੱਚ ਮੁੱਖ ਤੌਰ 'ਤੇ ਸਰ੍ਹੋਂ, ਕਣਕ, ਜੌਂਏ, ਛੋਲੇ, ਸੂਰਜਮੁਖੀ ਆਦਿ ਫਸਲਾਂ ਦਾ ਮੁਲਾਂਕਣ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਆਗੂ ਲਖਵਿੰਦਰ ਸਿੰਘ ਔਲਖ ਨੇ ਸਾਰੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਸਲ ਕੱਟਣ ਸਮੇਂ ਜੇਕਰ ਕੋਈ ਕਰਮਚਾਰੀ ਕਿਸੇ ਕਿਸਮ ਦਾ ਲਾਲਚ ਦਿੰਦਾ ਹੈ ਜਾਂ ਤੁਹਾਡੀ ਫਸਲ ਦੀ ਕਟਾਈ ਘੱਟ ਕਰਨ ਜਾਂ ਲੈਣ-ਦੇਣ ਦੀ ਗੱਲ ਕਰਦਾ ਹੈ ਤਾਂ ਉਸ ਦੇ ਭੁਲੇਖੇ ਵਿਚ ਨਾ ਆਉਣ। ਜੇਕਰ ਕੋਈ ਕਰਮਚਾਰੀ ਅਜਿਹਾ ਕਰਦਾ ਹੈ ਤਾਂ ਉਸ ਦੀ ਸ਼ਿਕਾਇਤ ਖੇਤੀਬਾੜੀ ਵਿਭਾਗ ਨੂੰ ਕਰੋ। ਕੰਪਨੀ ਵੱਲੋਂ ਹਾੜੀ 2022-23 ਦੀ ਫਸਲ ਦਾ ਬੀਮੇ ਦਾ ਪ੍ਰੀਮੀਅਮ ਦਸੰਬਰ 2022 ਵਿੱਚ ਕੱਟਿਆ ਗਿਆ ਸੀ, ਜਿਸ ਦੀ ਬੀਮਾ ਪਾਲਿਸੀ ਦੇ ਕਾਗਜ਼ਾਤ ਜਨਵਰੀ ਮਹੀਨੇ ਵਿੱਚ ਆ ਗਏ ਸਨ ਪਰ ਅਜੇ ਤੱਕ ਕਿਸਾਨਾਂ ਨੂੰ ਨਹੀਂ ਦਿੱਤੇ ਗਏ ਉਨ੍ਹਾਂ ਨੇ ਖੇਤੀਬਾੜੀ ਬੀਮਾ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ। ਕੰਪਨੀ ਜੋ ਕਿ ਰਬੀ 2022-23 ਨੂੰ ਹਰ ਬੀਮਾਯੁਕਤ ਕਿਸਾਨ ਨੂੰ ਜਲਦੀ ਤੋਂ ਜਲਦੀ ਪਾਲਿਸੀ ਦੇਵੇ ਤਾਂ ਜੋ ਉਸ ਕੋਲ ਸਹੀ ਜਾਣਕਾਰੀ ਹੋ ਸਕੇ। ਇਸ ਦੇ ਨਾਲ ਹੀ ਕਿੰਨੇ ਏਕੜ ਦੇ ਬੀਮੇ ਦਾ ਪ੍ਰੀਮੀਅਮ ਕੱਟਿਆ ਗਿਆ ਹੈ ਅਤੇ ਕਿਹੜੀ ਫਸਲ ਦਿਖਾਈ ਗਈ ਹੈ।

# ਨਾਮ ਸਿਮਰਨ ਅਭਿਆਸ




**ਲੁਧਿਆਣਾ/ਲੋਕ ਬਾਣੀ**
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ਼ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਹਫਤਾਵਾਰੀ ਨਾਮ ਸਿਮਰਨ ਅਭਿਆਸ 19 ਮਾਰਚ ਦਿਨ ਐਤਵਾਰ ਨੂੰ ਰਾਤ 7:30 ਵਜੇ ਤੋਂ 8:30 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਕਰਨੈਲ ਸਿੰਘ ਤੇ ਖ਼ਜ਼ਾਨਚੀ ਸੁਰਜੀਤ ਸਿੰਘ ਖੁਰਾਣਾ ਵੱਲੋਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵੱਧ ਤੋਂ ਵੱਧ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫ਼ਲ ਕਰਨ ਲਈ ਬੇਨਤੀ ਕੀਤੀ ਜਾਂਦੀ ਹੈ।

# ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪਿੰਡ 'ਚ ਵੰਡੇ ਗ੍ਰਾਂਟ ਦੇ ਚੈੱਕ; ਕਿਹਾ- ਅੱਗੇ ਵੀ ਜਾਰੀ ਰਹੇਗਾ ਸਿਲਸਿਲਾ

**ਨਵਾਂਸ਼ਹਿਰ/ਲੋਕ ਬਾਣੀ**
ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਲੋਕ ਸਭਾ ਹਲਕੇ ਦੇ ਵਿਕਾਸ ਨੂੰ ਅੱਗੇ ਤੋਰਦਿਆਂ, ਅੱਜ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਵੱਖ-ਵੱਖ ਪਿੰਡਾਂ ਭੱਜਲ, ਖੁਰਾਲੀ, ਜੀਵਨਪੁਰ ਗੁੱਜਰਾਂ, ਡੱਲੇਵਾਲ ਦਾ ਦੌਰਾ ਕਰਕੇ ਕਰੀਬ 12 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਵੰਡੇ ਗਏ ।ਇਸ ਦੌਰਾਨ ਆਯੋਜਿਤ ਜਨ ਸਭਾਵਾਂ ਨੂੰ ਸੰਬੋਧਨ ਕਰਦਿਆਂ, ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ। ਇਸ ਤਹਿਤ ਲੋਕ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਰੁਝਾਨ ਭਵਿੱਖ ਵਿੱਚ ਵੀ ਜਾਰੀ ਰਹੇਗਾ, ਕਿਉਂਕਿ ਉਨ੍ਹਾਂ ਦਾ ਮੰਨਣਾ ਹੈ ਕਿ ਪਿੰਡਾਂ ਦੀ ਤਰੱਕੀ ਤੋਂ ਬਿਨਾਂ ਦੇਸ਼ ਦਾ ਵਿਕਾਸ ਸੰਭਵ ਨਹੀਂ ਹੈ। ਇਸ ਤਹਿਤ ਉਹ ਵਿਸ਼ੇਸ਼ ਤੌਰ 'ਤੇ ਪਿੰਡਾਂ 'ਚ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹਨ, ਤਾਂ ਜੋ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇ ਇਸ ਮੌਕੇ ਹੋਰਨਾਂ ਤੋਂ ਇਲਾਵਾ, ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਸਕੱਤਰ ਪੰਜਾਬ ਕਾਂਗਰਸ ਪੰਕਜ ਕ੍ਰਿਪਾਲ, ਸਰਪੰਚ ਕੁਲਜੀਤ ਕੌਰ, ਡਾ: ਕੁਲਵਰਨ ਸਿੰਘ, ਪ੍ਰਧਾਨ ਕੇਵਲ ਸਿੰਘ, ਸਰਪੰਚ ਵਿਨੋਦ ਕੁਮਾਰ, ਸਰਪੰਚ ਰਾਜਿੰਦਰ ਸਿੰਘ, ਸਰਪੰਚ ਹੇਮਰਾਜ, ਸਰਪੰਚ ਨਿਸ਼ੀ, ਸਰਪੰਚ ਭਵਿਸ਼ਨ, ਪਵਨ ਕਟਾਰੀਆ ਵੀ ਹਾਜ਼ਰ ਸਨ।

# ਖਾਲਸਾ ਕਾਲਜ ਦੀ 117ਵੀਂ ਕਨਵੋਕੇਸ਼ਨ 'ਚ 1740 ਵਿਦਿਆਰਥੀਆਂ ਨੇ ਡਿਗਰੀਆਂ ਹਾਸਲ ਕੀਤੀਆਂ

## ਮੌਜੂਦਾ ਯੁੱਗ 'ਚ ਦਰਪੇਸ਼ ਚੁਣੌਤੀਆਂ ਦਾ ਹੱਲ ਅਧਿਆਤਮਿਕ ਜੀਵਨ ਢੰਗ ਅਪਨਾਉਣਾ : ਮਜੀਠੀਆ





**ਅੰਮ੍ਰਿਤਸਰ/ਲੋਕ ਬਾਣੀ**

ਖ਼ਾਲਸਾ ਕਾਲਜ ਦੀ 117ਵੀਂ ਸਾਲਾਨਾ ਕਾਨਵੋਕੇਸ਼ਨ ਮੌਕੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸਤਿਆਜੀਤ ਸਿੰਘ ਮਜੀਠੀਆ ਨੇ ਵੱਖ-ਵੱਖ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਜਮਾਤਾਂ ਦੇ 1740 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ। ਇਸ ਮੌਕੇ ਸ: ਮਜੀਠੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਨਵੇਂ ਯੁੱਗ 'ਚ ਤਕਨਾਲੋਜੀ ਨਵੀਆਂ ਚੁਣੌਤੀਆਂ ਲਿਆ ਰਹੀ ਹੈ ਅਤੇ ਸਾਨੂੰ ਅਕਾਦਮਿਕ ਅਤੇ ਅਧਿਆਤਮਕ ਜੀਵਨ ਢੰਗ ਅਪਨਾ ਕੇ ਇਸ ਦੇ ਨਵੇਂ ਹੱਲ ਲੱਭਣ ਦੀ ਜ਼ਰੂਰਤ ਹੈ।

ਇਸ ਮੌਕੇ ਉਨ੍ਹਾਂ ਗੁਰਮਤਿ ਜੀਵਨ ਨਾਲ ਸਬੰਧਿਤ ਉਦਾਹਰਣਾਂ ਦਾ ਹਵਾਲਾ ਦਿੰਦਿਆਂ ਕਿਹਾ ਅੱਜ ਜੀਵਨ ਨਵੀਆਂ ਕਾਢਾਂ ਅਤੇ ਤਕਨਾਲੋਜੀ ਦੁਆਰਾ ਪ੍ਰਭਾਵਿਤ ਹੋਇਆ ਹੈ, ਜੋ ਵਾਤਾਵਰਣ, ਸਮਾਜਿਕ ਅਤੇ ਵਿਵਹਾਰਿਕ ਮਸਲੇ ਪੈਦਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਸੀ ਇਕ ਅਜਿਹੇ ਸਮੇਂ 'ਚ ਇਕ ਨਵੇਂ ਅਧਿਆਏ ਦੀ ਸ਼ੁਰੂਆਤ ਕਰ ਰਹੇ ਹੋ ਜੋ ਨਾ ਸਿਰਫ਼ ਸਾਡੇ ਆਪਣੇ ਜੀਵਨ ਲਈ ਪਰਿਣਾਮਿਕ ਹੈ, ਸਗੋਂ ਦੇਸ਼ ਅਤੇ ਸੰਸਾਰ ਲਈ ਵੀ ਮਹੱਤਵਪੂਰਨ ਹੈ। ਸ: ਮਜੀਠੀਆ ਨੇ ਕਿਹਾ ਕਿ ਤਕਨਾਲੋਜੀ ਦੁਆਰਾ ਬਦਲਾਅ ਦੀ ਤੇਜ਼ ਦਰ ਨੇ ਤਬਦੀਲੀ, ਲਿੰਗ ਸਮਾਨਤਾ, ਗਰੀਬੀ ਅਤੇ ਜਲਵਾਯੂ ਵਰਗੀਆਂ ਵਿਸ਼ਵ-ਵਿਆਪੀ ਸਮੱਸਿਆਵਾਂ ਵੀ ਪੈਦਾ ਕੀਤੀਆਂ ਹਨ।

ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਤੇਜੀ ਨਾਲ ਬਦਲ ਰਹੀ ਦੁਨੀਆਂ 'ਚ ਚੁਣੌਤੀਆਂ ਦੇ ਹੱਲ ਲਈ ਸਾਰਿਆਂ ਨੂੰ ਸਿੱਖਿਆ ਗ੍ਰਹਿਣ ਕਰ ਕੇ ਅੱਗੇ ਵੱਧਦੇ ਰਹਿਣਾ ਚਾਹੀਦਾ ਹੈ, ਕਿਉਂਕਿ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਸਿੱਖਣਾ ਖ਼ਤਮ ਨਹੀਂ ਹੁੰਦਾ, ਸਗੋਂ ਇਸ ਦਾ ਅਗਲਾ ਅਧਿਆਏ ਸ਼ੁਰੂ ਹੁੰਦੀ ਹੈ। ਇਸ ਲਈ ਜੀਵਨ 'ਚ ਹਮੇਸ਼ਾਂ ਸਿੱਖਦੇ ਰਹੋ ਅਤੇ ਵਧਦੇ ਰਹੋ। ਇਸ ਮੌਕੇ ਸ: ਮਜੀਠੀਆ ਨੇ ਡਿਗਰੀਆਂ ਪ੍ਰਾਪਤ ਕਰਕੇ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਵੀ ਦਿੱਤੀ। ਇਸ ਤੋਂ ਪਹਿਲਾਂ ਆਪਣੇ ਪ੍ਰਧਾਨਗੀ ਭਾਸ਼ਣ 'ਚ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ ਸਫ਼ਲਤਾ ਅਤੇ ਖ਼ੁਸ਼ੀ ਯੋਗਤਾ ਦੀ ਬਜਾਏ ਰਵੱਈਏ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਸਫਲਤਾ ਸਮਾਂ ਲੈਂਦੀ ਹੈ, ਇਸ ਲਈ ਸਾਨੂੰ ਸਫਲਤਾ ਦੀ ਤਲਾਸ਼ 'ਚ ਲਗਾਤਾਰ ਅੱਗੇ ਵੱਧਣਾ ਚਾਹੀਦਾ ਹੈ। ਸ: ਛੀਨਾ ਨੇ ਕਿਹਾ ਕਿ ਮੰਜ਼ਿਲ 'ਤੇ ਪਹੁੰਚਣ ਦੀ ਜਲਦਬਾਜ਼ੀ ਨਾ ਕਰੋ, ਧਿਆਨ ਕੇਂਦਰਿਤ ਕਰੋ ਅਤੇ ਜੀਵਨ ਦਾ ਆਨੰਦ ਮਾਣਦਿਆਂ ਸਫ਼ਲਤਾ ਪ੍ਰਾਪਤ ਕਰਨੀ ਹੀ ਜੀਵਨ ਢੰਗ ਹੋਣਾ ਚਾਹੀਦਾ ਹੈ। ਕਾਨਵੋਕੇਸ਼ਨ ਮੌਕੇ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਵਿਦਿਆਰਥੀਆਂ ਦੀਆਂ ਵਿੱਦਿਅਕ, ਸੱਭਿਆਚਾਰਕ ਅਤੇ ਖੇਡ ਗਤੀਵਿਧੀਆਂ 'ਚ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਦੀ ਸਾਲਾਨਾ ਰਿਪੋਰਟ ਪੜ੍ਹੀ। ਉਨ੍ਹਾਂ ਕਿਹਾ ਕਿ ਗਵਰਨਿੰਗ ਕੌਂਸਲ ਦੀ ਯੋਗ ਅਗਵਾਈ ਹੇਠ ਕਾਲਜ ਨੇ ਤਰੱਕੀ ਕੀਤੀ ਹੈ ਅਤੇ ਵਿਦਿਆਰਥੀਆਂ ਨੇ ਸਾਲਾਨਾ ਇਮਤਿਹਾਨਾਂ ਦੇ ਨਾਲ-ਨਾਲ ਖੇਡਾਂ 'ਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਮੌਕੇ ਸ: ਮਜੀਠੀਆ, ਸ: ਛੀਨਾ ਨੇ ਡਾ. ਜ਼ੋਰਾਵਰ ਸਿੰਘ ਨੂੰ ਬੈਸਟ ਟੀਚਰ ਅਤੇ ਡਾ. ਬਲਵਿੰਦਰ ਸਿੰਘ ਨੂੰ ਬੈਸਟ ਰਿਸਰਚਰ ਐਵਾਰਡ ਨਾਲ ਸਨਮਾਨਿਤ ਵੀ ਕੀਤਾ। ਉਨ੍ਹਾਂ ਕਾਨਵੋਕੇਸ਼ਨ ਡਿਗਰੀਆਂ, ਮੈਡਲ ਅਤੇ ਮੈਰੀਟੋਰੀਅਸ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਵੀ ਦਿੱਤੀ। ਇਸ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਸਰਦੂਲ ਸਿੰਘ ਮੰਨਨ, ਅਜਮੇਰ ਸਿੰਘ ਹੇਰ, ਮੈਂਬਰ ਗੁਰਪ੍ਰੀਤ ਸਿੰਘ ਗਿੱਲ, ਡੀਨ ਡਾ. ਤਮਿੰਦਰ ਸਿੰਘ ਭਾਟੀਆ, ਰਜਿਸਟਰਾਰ ਪ੍ਰੋ: ਦਵਿੰਦਰ ਸਿੰਘ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਡਾ. ਸੁਰਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਫ਼ਿਜ਼ੀਕਲ ਐਜੂਕੇਸ਼ਨ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰਸੀਪਲ ਪ੍ਰੋ: ਗੁਰਦੇਵ ਸਿੰਘ ਤੋਂ ਇਲਾਵਾ ਹੋਰ ਸੀਨੀਅਰ ਫ਼ੈਕਲਟੀ ਮੈਂਬਰ ਹਾਜ਼ਰ ਸਨ।

# ਡਿਪਸ ਦੇ ਵਿਦਿਆਰਥੀਆਂ ਨੇ ਚੰਗੇ ਅੰਕਾਂ ਨਾਲ ਪ੍ਰੀਖਿਆ ਪਾਸ ਕਰਕੇ ਨਵੀਂ ਜਮਾਤ ਵਿੱਚ ਦਾਖਲਾ ਲਿਆ



**ਜਲੰਧਰ/ਰਾਕੇਸ਼ ਵਰਮਾ**

ਡਿਪਸ ਸਕੂਲ ਹਰਿਆਣਾ ਵਿਖੇ ਫਾਈਨਲ ਇਮਤਿਹਾਨ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਨਵੀਂ ਜਮਾਤ ਵਿੱਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਮੋਨਿਕਾ ਸਚਦੇਵਾ ਨੇ ਦੱਸਿਆ ਕਿ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਸਖ਼ਤ ਮਿਹਨਤ ਨਾਲ ਪ੍ਰੀਖਿਆ ਵਿਚ ਵਧੀਆ ਪ੍ਰਦਰਸ਼ਨ ਕੀਤਾ ਹੈ। ਨਰਸਰੀ ਵਿੱਚ ਦੀਪਿਕਾ, ਏਕਨੂਰ, ਉਮਰ, ਕੇ.ਜੀ ਵਿੱਚ ਸਾਨਵੀ ਰੂਬਲੀਨ, ਪ੍ਰਭਗੀਤ, ਪ੍ਰੈਪ ਵਿੱਚ ਰਸਮੀਤ ਕੌਰ, ਨਮਰੀਤ ਤੇ ਤਰਨਵੀਰ, ਇਸ਼ਮੀਤ, ਫਸਟ ਏ ਵਿੱਚ ਨਮਨਪ੍ਰੀਤ ਕੌਰ, ਮਨਵੀਰ ਸਿੰਘ, ਹੁਨਰ, ਫਸਟ ਬੀ ਵਿੱਚ ਜਸਕੀਰਤ ਸਿੰਘ, ਬਵਲੀਨ ਕੌਰ, ਅਗਿਆਨਿਆ, ਦੂਜੀ ਏ ਵਿੱਚ ਬਲਰਾਜ, ਅੰਸ਼ਿਕਾ, ਸੇਜਲ, ਦੂਜੀ ਬੀ ਵਿੱਚ ਜਸਜੋਤ, ਹਰਜੋਤ, ਪਰਮੀਤ, ਤੀਜੇ ਏ ਵਿੱਚ ਸਤਮਰੀਤ ਕੌਰ, ਅਗਮਜੋਤ ਸਿੰਘ, ਗੁਰਤੇਜ ਸਿੰਘ, ਤੀਸਰੇ ਬੀ ਵਿੱਚ ਕਨਵਪ੍ਰੀਤ ਕੌਰ, ਅਨਮੋਲ ਸ਼ਰਮਾ, ਖੁਸ਼ਮੀਤ ਕੌਰ, ਚੌਥੇ ਵਿੱਚ ਸੁਖਲੀਨ ਕੌਰ, ਪੁਨੀਤ ਸੈਣੀ, ਹਰਲੀਨ ਕੌਰ, ਚੌਥੀ 'ਬੀ' 'ਚ ਲਵਨੀਸ਼ ਠਾਕੁਰ, ਤਨਵੀਰ ਕੌਰ, ਜਸਮੀਤ ਸਿੰਘ, ਪੰਜਵੀ ਏ ਵਿੱਚ ਅਕਾਲਰੂਪ, ਹਰਸ਼ਿਤਾ, ਹਰਸ਼ਿਕਾ, ਪੰਜਵੀ ਵੀਂ ਵਿੱਚ ਮਨਜੋਤ ਸਿੰਘ, ਦਿਸ਼ਾ, ਅਭਿਨਵ ਤੇ ਤੁਮ ਇੰਦਰ, 6 ਏ ਵਿੱਚਦੀਕਸ਼ਾ, ਰਿਧੀਮਾ, ਅਰਨਵ, ਛਠੀਂ ਬੀ ਵਿੱਚ ਅਮਨਦੀਪ, ਹਰਸਿੱਧਕ, ਸੁਖਲੀਨ, ਛਠੀਂ ਸੀ ਵਿੱਚੋ ਮਨਰੀਤ, ਰਿਯਾ, ਬਰਲੀਨ, ਸਾਤਵੀਂ ਏ ਵਿੱਚਮਨੰਤ, ਗਿਸ਼ਮੀਤ ਕੌਰ, ਯੁਵਰਾਜ, ਸਤਵੀਂ ਬੀ ਵਿੱਚ ਸਕਸ਼ਮ, ਜੈਸਮੀਨ, ਸੋਨਮ, ਆਠਵੀਂ ਏ ਵਿੱਚ ਮਨਜੋਤ , ਗੁਲਸ਼ਨ ਕੁਮਾਰ, ਤਮਨ, ਨੌਵੀਂ ਵਿੱਚੋਂਅਰਮਾਨ, ਮਾਨਵੀ, ਅਰੁਣਪ੍ਰੀਤ ਸਿੰਘ, 11 ਵੀਂ ਸਾਇੰਸ ਵਿੱਚੋਂ ਤਨਵੀਰ ਕੌਰ, ਬੀਰਪ੍ਰਤਾਪ, ਹਰਮਨਦੀਪ, ਕਾਮਰਸ ਵਿੱਚੋਸ਼ਰਨਪ੍ਰੀਤ, ਰਾਜਦੀਪ ਸਿੰਘ, ਕਨਿਕਾ, ਆਰਟਸ ਵਿੱਚ ਜਸ਼ਨਪ੍ਰੀਤ, ਸਿਮਰਜੀਤ, ਈਸ਼ਾ ਸੈਣੀ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਦੀ ਪ੍ਰਿੰਸੀਪਲ ਮੋਨਿਕਾ ਸਚਦੇਵਾ ਅਤੇ ਸਟਾਫ਼ ਮੈਂਬਰਾਂ ਵੱਲੋਂ ਜਮਾਤ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਪਿ੍ਰੰਸੀਪਲ ਮੋਨਿਕਾ ਸਚਦੇਵਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਲਈ ਸਨਮਾਨਿਤ ਕਰਨਾ ਉਨ੍ਹਾਂ ਨੂੰ ਵਧੀਆ ਪ੍ਰਦਰਸ਼ਨ ਕਰਨ ਲਈ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕਰਦਾ ਹੈ, ਸੀਈਓ ਮੋਨਿਕਾ ਮੰਡੋਤਰਾ ਨੇ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਨਤੀਜੇ ਲਈ ਸਾਰੇ ਵਿਦਿਆਰਥੀਆਂ, ਸਟਾਫ਼ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# 38ਵਾਂ ਸ਼ਹੀਦ ਭਗਤ ਸਿੰਘ ਯਾਦਗਾਰੀ ਟੂਰਨਾਮੈਂਟ 24 ਤੋਂ 26 ਮਾਰਚ ਤੱਕ ਧਨੌਲਾ ਵਿਖੇ ਹੋਵੇਗਾ

## ਬਾਸਕਟਬਾਲ, ਵਾਲੀਬਾਲ, ਕਬੱਡੀ ਅਤੇ ਫੁੱਟਬਾਲ ਦੇ ਮੁਕਾਬਲੇ ਕਰਵਾਏ ਜਾਣਗੇ



**ਬਰਨਾਲਾ/ਲੋਕ ਬਾਣੀ**

38ਵਾਂ ਸ਼ਹੀਦ ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਕਰਵਾਉਣ ਸਬੰਧੀ ਸ਼ਹੀਦ ਭਗਤ ਸਿੰਘ ਯੂਥ ਸਪੋਰਟਸ ਕਲੱਬ ਧਨੌਲਾ ਦੀ ਮੀਟਿੰਗ ਕਲੱਬ ਪ੍ਰਧਾਨ ਮਹਿਮਾ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ। ਕਲੱਬ ਦੇ ਅਹੁਦੇਦਾਰਾਂ ਬਲਵਿੰਦਰ ਸਿੰਘ ਜੱਸੜਵਾਲੀਆ, ਸੁਖਰਾਜ ਸਿੰਘ ਪੰਧੇਰ, ਮਾਸਟਰ ਨਿਰਮਲ ਸਿੰਘ ਅਤੇ ਜਾਗਰ ਸਿੰਘ ਢਿੱਲੋਂ ਨੇ ਦੱਸਿਆ ਕਿ 24, 25 ਅਤੇ 26 ਮਾਰਚ 2023 ਨੂੰ ਕਿਸਾਨੀ ਘੋਲ ਨੂੰ ਸਮਰਪਿਤ ਟੂਰਨਾਮੈਂਟ ਸ਼ਹੀਦ ਭਗਤ ਸਿੰਘ ਸਪੋਰਟਸ ਸਟੇਡੀਅਮ ਪੱਕਾ ਬਾਗ ਧਨੌਲਾ ਵਿਖੇ ਕਰਵਾਇਆ ਜਾਵੇਗਾ। ਇਸ ਟੂਰਨਾਮੈਂਟ ਦੌਰਾਨ ਕਬੱਡੀ 75 ਕਿੱਲੋ, ਵਾਲੀਬਾਲ ਇੱਕ ਪਿੰਡ, ਬਾਸਕਟਬਾਲ ਆਲ ਓਪਨ, ਕਬੱਡੀ ਇੱਕ ਪਿੰਡ ਓਪਨ ਅਤੇ ਫੁੱਟਬਾਲ ਇੱਕ ਪਿੰਡ ਦੇ ਮੈਚ ਕਰਵਾਏ ਜਾਣਗੇ। ਟੂਰਨਾਮੈਂਟ ਦਾ ਉਦਘਾਟਨ ਸੇਵਾ ਸਿੰਘ ਰਾਜੀਆ ਅਤੇ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਖੇਡ ਮੰਤਰੀ ਪੰਜਾਬ ਗੁਰਮੀਤ ਸਿੰਘ ਮੀਤ ਹੇਅਰ ਕਰਨਗੇ। ਟੂਰਨਾਮੈਂਟ ਨੂੰ ਸਫਲਤਾਪੂਰਵਕ ਕਰਵਾਉਣ ਲਈ ਮਾਸਟਰ ਹਰਭਜਨ ਸਿੰਘ ਨੂੰ ਓਵਰ ਆਲ ਇੰਚਾਰਜ ਅਤੇ ਮਾਸਟਰ ਕੈਲਾਸ ਚੰਦ, ਅਮਰਜੀਤ ਸਿੰਘ ਨੱਤ, ਸਿਮਰਦੀਪ ਸਿੰਘ, ਭਗਵੰਤ ਸਿੰਘ ਪੰਧੇਰ, ਤਰਸੇਮ ਬਾਠ, ਗੁਰਪ੍ਰੀਤ ਬਿੱਟੂ, ਗੁਰਵਿੰਦਰ ਕੋਚ, ਬਲਜਿੰਦਰ ਵਰਮਾ, ਅਟੱਲ ਕੁਮਾਰ ਗੌੜ, ਲਖਵੀਰ ਨਹਿਲ, ਵਰਿੰਦਰ ਵਾਲੀਆ ਤੇ ਨਵਦੀਪ ਸਿੰਘ ਦੀਆਂ ਵੱਖ ਵੱਖ ਪ੍ਰਬੰਧਾਂ ਲਈ ਡਿਊਟੀਆਂ ਲਗਾਈਆਂ ਗਈਆਂ ਹਨ। ਟੀਮਾਂ ਵਧੇਰੇ ਜਾਣਕਾਰੀ ਲਈ 98763 58397, 9815612763 ਨੰਬਰ 'ਤੇ ਸੰਪਰਕ ਕਰ ਸਕਦੀਆਂ ਹਨ।

WEBSITE : WWW.LOKBANI.COM
lokbani08@gmail.com

# ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਲੁਧਿਆਣਾ ਜ਼ਿਲ੍ਹੇ ਦੀ ਟੀਮ ਨਾਲ ਕੀਤੀ ਮੀਟਿੰਗ

**ਲੁਧਿਆਣਾ/ਸ਼ੰਮੀ ਕੁਮਾਰ**

ਪੰਜਾਬ ਸਰਕਾਰ ਦੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਵੱਲੋਂ ਅੱਜ ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫਤਰ ਬਚਤ ਭਵਨ ਵਿਖੇ ਆਮ ਆਦਮੀ ਪਾਰਟੀ ਲੁਧਿਆਣਾ ਦੇ ਅਹੁਦੇਦਾਰ ਅਤੇ ਵਲੰਟੀਅਰ ਸਾਥੀਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਹਲਕਾ ਆਤਮ ਨਗਰ ਵਿਧਾਇਕ ਕੁਲਵੰਤ ਸਿੰਘ ਸਿੱਧੂ, ਰਾਏਕੋਟ ਵਿਧਾਇਕ ਹਾਕਮ ਸਿੰਘ ਠੇਕੇਦਾਰ,ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਯੋਜਨਾ ਕਮੇਟੀ ਸ਼ਰਨਪਾਲ ਸਿੰਘ ਮੱਕੜ, ਚੇਅਰਮੈਨ ਪੰਜਾਬ ਖੇਤੀਬਾੜੀ ਡਿਵੈਲਪਮੈਂਟ ਬੈਂਕ ਦੇ ਚੇਅਰਮੈਨ ਸੁਰੇਸ਼ ਗੋਇਲ, ਚੇਅਰਮੈਨ ਨਵਜੋਤ ਸਿੰਘ ਜਰਗ, ਸਹਿ ਪ੍ਰਧਾਨ ਡਾ ਦੀਪਕ ਬਾਂਸਲ, ਗੁਰਦਰਸ਼ਨ ਸਿੰਘ ਕੂਹਲੀ, ਸਕੱਤਰ ਵਿਸ਼ਾਲ ਅਵਸਥੀ, ਮੀਡੀਆ ਇੰਚਾਰਜ ਦੁਪਿੰਦਰ ਸਿੰਘ, ਦਫਤਰ ਇੰਚਾਰਜ ਮਾਸਟਰ ਹਰੀ ਸਿੰਘ, ਮਹਿਲਾ ਵਿੰਗ ਪ੍ਰਧਾਨ ਨੀਤੂ ਵੋਹਰਾ,



ਰਵਿੰਦਰਪਾਲ ਸਿੰਘ ਪਾਲੀ, ਪਰਮਪਾਲ ਸਿੰਘ ਬਾਵਾ ਸਮੇਤ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਵਲੰਟੀਅਰ ਅਤੇ ਅਹੁਦੇਦਾਰ ਉਪਸਥਿਤ ਰਹੇ। ਇਸ ਦੌਰਾਨ ਚੇਅਰਮੈਨ ਸੁਰੇਸ਼ ਗੋਇਲ ਨੇ ਦੱਸਿਆ ਕਿ ਮੰਤਰੀ ਸਹਿਬਾਨ ਨੇ ਪੰਜਾਬ ਸਰਕਾਰ ਵੱਲੋ ਸਿਹਤ ਸੇਵਾਵਾਂ ਵਿੱਚ ਕੀਤੇ ਜਾ ਰਹੇ ਸੁਧਾਰ ਸੰਬੰਧੀ ਜਾਣੂ ਕਰਵਾਇਆ ਅਤੇ ਦੱਸਿਆ ਕਿ ਲੁਧਿਆਣਾ ਸ਼ਹਿਰ ਵਿੱਚ ਆਉਣ ਵਾਲੇ ਦਿਨਾਂ ਦੌਰਾਨ ਹੋਰ ਮੁਹੱਲਾ ਕਲੀਨਿਕ ਖੋਲ੍ਹੇ ਜਾਣਗੇ। ਸਿਹਤ ਮੰਤਰੀ ਨੇ ਦੱਸਿਆ ਕਿ ਲੁਧਿਆਣਾ ਦੇ ਲੋਕ ਸਾਰੇ ਪੰਜਾਬ ਦੇ ਲੋਕਾਂ ਨਾਲੋਂ ਵੱਧ ਮੁਹੱਲਾ ਕਲੀਨਿਕਾ ਵਿੱਚ ਇਲਾਜ ਕਰਵਾ ਰਹੇ ਹਨ । ਇਸ ਦੌਰਾਨ ਵਲੰਟੀਅਰ ਸਾਥੀਆਂ ਨੇ ਸਰਕਾਰੀ ਹਸਪਤਾਲ ਨੂੰ ਅਪਗ੍ਰੇਡ ਕਰਨ ਅਤੇ ਸ਼ਹਿਰ ਦੀ ਹੋਰ ਸਰਕਾਰੀ ਹਸਪਤਾਲ ਦੀ ਜਰੂਰਤ ਬਾਰੇ ਵੀ ਦੱਸਿਆ। ਇਸ ਦੌਰਾਨ ਯੋਜਨਾ ਕਮੇਟੀ ਦੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ ਨੇ ਦੱਸਿਆ ਕਿ ਪਿਛਲੇ ਕਾਫੀ ਸਮੇਂ ਤੋਂ ਵਲੰਟੀਅਰ ਅਤੇ ਅਹੁਦੇਦਾਰ ਸਹਿਬਾਨ ਦੀ ਮੰਗ ਸੀ ਕਿ ਲੁਧਿਆਣਾ ਫੇਰੀ ਦੌਰਾਨ ਮੰਤਰੀਆਂ ਦੀ ਮੀਟਿੰਗ ਲੁਧਿਆਣਾ ਟੀਮ ਨਾਲ ਰੱਖੀ ਜਾਵੇ ਜਿਸ ਦੇ ਬਾਰੇ ਮਾਰਕਫੈਡ ਚੇਅਰਮੈਨ ਅਮਨਦੀਪ ਸਿੰਘ ਮੋਹੀ ਜੀ ਦੀ ਰਹਿਨੁਮਾਈ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਕੋਲ ਰੱਖੀ ਜਿਸ ਨੂੰ ਪ੍ਰਵਾਨ ਕੀਤਾ ਗਿਆ ਇਸ ਲਈ ਅਸੀਂ ਪੰਜਾਬ ਸਰਕਾਰ ਅਤੇ ਪਾਰਟੀ ਦਾ ਧੰਨਵਾਦ ਕਰਦੇ ਹਾ। ਇਸ ਦੌਰਾਨ ਸ਼ਰਨਪਾਲ ਸਿੰਘ ਮੱਕੜ ਨੇ ਸਿਹਤ ਮੰਤਰੀ ਨੂੰ ਵਿਸ਼ਵਾਸ਼ ਦਿਵਾਇਆ ਕਿ ਲੁਧਿਆਣਾ ਟੀਮ ਸਰਕਾਰ ਦੇ ਮੋਢੇ ਨਾਲ ਮੋਢਾ ਲਗਾ ਕੇ ਕੰਮ ਕਰਣਗੇ ਤਾਂ ਕਿ ਮੁੱਖ ਮੰਤਰੀ ਜੀ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ।

# ਕੈਨੇਡਾ ਦੀਆਂ ਤਿੰਨ ਦਰਜਨ ਪੰਜਾਬੀ ਡਾਇਸਪੋਰਾ ਸਭਾ ਸੁਸਾਇਟੀਆਂ ਵੱਲੋਂ ਅੰਮ੍ਰਿਤਸਰ ਤੋਂ ਏਅਰ ਇੰਡੀਆ ਦੀਆਂ ਉਡਾਣਾਂ ਸ਼ੁਰੂ ਕਰਨ ਦੀ ਮੰਗ

**ਨਵੀਂ ਦਿੱਲੀ/ਅੰਮ੍ਰਿਤਸਰ/ਲੋਕ ਬਾਣੀ**

ਕੈਨੇਡਾ ਦਾ ਪ੍ਰਵਾਸੀ ਪੰਜਾਬੀ ਭਾਈਚਾਰਾ ਅੰਮ੍ਰਿਤਸਰ ਤੋਂ ਕੈਨੇਡਾ ਲਈ ਏਅਰ ਇੰਡੀਆ ਦੀਆਂ ਉਡਾਣਾਂ ਸ਼ੁਰੂ ਕਰਨ ਲਈ ਜ਼ੋਰ ਦੇ ਰਿਹਾ ਹੈ। ਇਸ ਬਾਰੇ ਭਾਰਤ ਸਰਕਾਰ ਦੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ: ਇਕਬਾਲ ਸਿੰਘ ਲਾਲਪੁਰਾ ਨੂੰ ਕੈਨੇਡਾ ਦੇ ਪ੍ਰਵਾਸੀ ਸਿੱਖ ਅਤੇ ਹਿੰਦੂ ਭਾਈਚਾਰਿਆਂ ਦੀਆਂ ਤਿੰਨ ਦਰਜਨ ਦੇ ਕਰੀਬ ਸਭਾ ਸੁਸਾਇਟੀਆਂ, ਗੁਰਦੁਆਰਾ ਅਤੇ ਮੰਦਰ ਕਮੇਟੀਆਂ ਵੱਲੋਂ ਅਪੀਲਾਂ ਕੀਤੀਆਂ ਗਈਆਂ ਹਨ। ਕੈਨੇਡਾ ਦੇ ਮੀਡੀਆ ਸ਼ਖ਼ਸੀਅਤ ਅਤੇ ਸਮਾਜ ਸੇਵਕ ਪ੍ਰੋ: ਕੁਲਵਿੰਦਰ ਸਿੰਘ ਛੀਨਾ ਦੇ ਉੱਦਮ ਨਾਲ ਉਕਤ ਸਰੋਕਾਰ ਸੰਬੰਧੀ ਮੰਗਾਂ ਅਤੇ ਮਤਿਆਂ ਨੂੰ ਘੱਟ ਗਿਣਤੀ ਕਮਿਸ਼ਨ ਦੇ ਸਲਾਹਕਾਰ ਪ੍ਰੋ: ਸਰਚਾਂਦ ਸਿੰਘ ਵੱਲੋਂ ਸ: ਲਾਲਪੁਰਾ ਨੂੰ ਸੌਂਪਿਆ ਗਿਆ ਅਤੇ ਅੰਮ੍ਰਿਤਸਰ ਤੋਂ ਕੈਨੇਡਾ ਲਈ ਏਅਰ ਇੰਡੀਆ ਦੀਆਂ ਉਡਾਣਾਂ ਦੀ ਸ਼ੁਰੂਆਤ ਲਈ ਵਕਾਲਤ ਅਤੇ ਢੁਕਵੀਂ ਚਾਰਾਜੋਈ ਕਰਨ ਦੀ ਉਨ੍ਹਾਂ ਨੂੰ ਪੁਰਜ਼ੋਰ ਅਪੀਲ ਕੀਤੀ ਗਈ। ਇਸ ਮੌਕੇ ਭਾਜਪਾ ਆਗੂ ਜਗਦੀਪ ਸਿੰਘ ਨਕਈ ਵੀ ਮੌਜੂਦ ਸਨ। ਪ੍ਰਵਾਸੀ ਪੰਜਾਬੀ ਭਾਈਚਾਰੇ ਨੇ ਹਾਲ ਹੀ ਵਿੱਚ ਇਟਾਲੀਅਨ ਨਿਓਸ ਏਅਰਲਾਈਨਜ਼ ਵੱਲੋਂ ਅੰਮ੍ਰਿਤਸਰ ਤੋਂ ਕੈਨੇਡਾ ਲਈ ਇੱਕ ਦਿਨ ਦੀ ਹਫ਼ਤਾਵਾਰੀ ਉਡਾਣ ਸ਼ੁਰੂ ਕਰਨ ਦੇ ਫ਼ੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ ਅਤੇ ਭਾਰਤ ਸਰਕਾਰ ਨੂੰ ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕੈਨੇਡਾ ਦੇ ਟੋਰਾਂਟੋ ਅਤੇ ਵੈਨਕੂਵਰ ਲਈ ਏਅਰ ਇੰਡੀਆ ਦੀਆਂ ਕੌਮਾਂਤਰੀ ਉਡਾਣਾਂ ਜਲਦ ਸ਼ੁਰੂ ਕਰਨ ਲਈ ਅਪੀਲ ਕੀਤੀ ਹੈ।

ਇਸ ਬਾਰੇ ਸ: ਇਕਬਾਲ ਸਿੰਘ ਲਾਲਪੁਰਾ ਨੇ ਕਿਹਾ ਕਿ ਪ੍ਰਵਾਸੀ ਪੰਜਾਬੀ ਭਾਈਚਾਰੇ ਦੀਆਂ ਚਿੰਤਾਵਾਂ ਤੇ ਸਰੋਕਾਰਾਂ ਦਾ ਪੂਰਾ ਖਿਆਲਾ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੇ ਸਮੂਹ ਪੰਜਾਬੀ ਭਾਈਚਾਰੇ ਦੀ ਇਸ ਚਿਰੋਕਣੀ ਮੰਗ ਬਾਰੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਹਵਾਬਾਜ਼ੀ ਮੰਤਰੀ ਜਯੋਤਿਰਾਦਿਤਿਆ ਸਿੰਧੀਆ ਕੋਲ ਮਾਮਲਾ ਉਠਾ ਚੁੱਕੇ ਹਨ, ਜਿਸ ’ਤੇ ਉੱਚ ਪੱਧਰ ’ਤੇ ਵਿਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਹੈ ਕਿ ਬਹੁਤ ਜਲਦ ਸਾਰਥਿਕ ਨਤੀਜੇ ਸਾਹਮਣੇ ਆਉਣਗੇ।

ਪ੍ਰਵਾਸੀ ਪੰਜਾਬੀ ਭਾਈਚਾਰੇ ਦੀਆਂ ਜਿਨ੍ਹਾਂ ਸਭਾ ਸੁਸਾਇਟੀਆਂ ਨੇ ਇਸ ਸਬੰਧੀ ਮੰਗ ਪੱਤਰ ਭੇਜਿਆ ਹੈ, ਉਨ੍ਹਾਂ ਵਿਚ ਸਿੱਖ ਸਪਿਰਚੁਅਲ ਸੈਂਟਰ ਟੋਰਾਂਟੋ, ਹਿੰਦੂ ਸਭਾ ਬਰੈਂਪਟਨ ਓਨਟਾਰੀਓ, ਵੈਦਿਕ ਹਿੰਦੂ ਕਲਚਰਲ ਸੁਸਾਇਟੀ ਬੀ.ਸੀ., ਮਾਤਾ ਗੁਜਰੀ ਜੀ ਸਿੱਖ ਟੈਂਪਲ ਈਸਟ ਗਰਾਫਰੈਕਸਾ ਓਨਟਾਰੀਓ, ਨਾਨਕਸਰ ਸਤਿਸੰਗ ਸਭਾ ਓਨਟਾਰੀਓ, ਸਾਧ



ਸੰਗਤ ਬੋਰਡ ਨਾਨਕਸਰ ਸੁਸਾਇਟੀ ਇੰਕ. ਬਰੈਂਪਟਨ, ਸਾਂਝ ਪੰਜਾਬ ਰੇਡੀਓ ਟੀਵੀ ਇੰਕ. ਬਰੈਂਪਟਨ, ਖ਼ਾਲਸਾ ਦੀਵਾਨ ਸੁਸਾਇਟੀ ਗੁਰਦੁਆਰਾ ਵੈਨਕੂਵਰ ਬੀ.ਸੀ., ਅਕਾਲੀ ਸਿੰਘ ਸਿੱਖ ਸੁਸਾਇਟੀ ਵੈਨਕੂਵਰ, ਖ਼ਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ, ਗੁਰਦੁਆਰਾ ਸਾਹਿਬ ਬਰੁਕਸਾਈਡ ਸਰੀ, ਸ੍ਰੀ ਗੁਰੂ ਰਵਿਦਾਸ ਸਭਾ ਬਰਨਬੀ, ਗੁਰਦੁਆਰਾ ਨਾਨਕ ਨਿਵਾਸ ਰਿਚਮੰਡ, ਖ਼ਾਲਸਾ ਦੀਵਾਨ ਸੋਸਾਇਟੀ ਯਾਰਕ ਸੈਂਟਰ ਸਰੀ, ਬੀਅਰ ਕਰੀਕ ਹਾਲ ਗੁਰਦੁਆਰਾ ਸਰੀ, ਗੁਰੂ ਗੋਬਿੰਦ ਸਿੰਘ ਟੈਂਪਲ ਪ੍ਰਿੰਸ ਜਾਰਜ, ਗੁਰੂ ਨਾਨਕ ਸਿੱਖ ਟੈਂਪਲ ਮੈਕੇਂਜੀ ਵਿਲੀਅਮਜ਼ ਲੇਕ, ਕੈਰੀਬੂ ਗੁਰਸਿੱਖ ਟੈਂਪਲ, ਕੁਏਸਨੇਲ, ਵੈਨਕੂਵਰ ਆਈਸਲੈਂਡ ਸਿੱਖ ਕਲਚਰਲ ਸੋਸਾਇਟੀ ਸ਼ੇਰਮਨ ਰੋਡ ਡੰਕਨ, ਓਕਾਨਾਗਨ ਸਿੱਖ ਟੈਂਪਲ ਰਟਲੈਂਡ ਆਰ.ਡੀ. ਕੇਲੋਨਾ, ਮਿਸ਼ਨ ਸਿੱਖ ਟੈਂਪਲ ਰਾਏ ਐਵਿਨਿਊ ਮਿਸ਼ਨ, ਗੁਰਦੁਆਰਾ ਸਾਹਿਬ-ਮੀਰੀ-ਪੀਰੀ ਖ਼ਾਲਸਾ ਦਰਬਾਰ ਵਾਲਸ਼ ਐਵਿਨਿਊ ਟੈਰੇਸ, ਖ਼ਾਲਸਾ ਦੀਵਾਨ ਸੁਸਾਇਟੀ ਸਿੱਖ ਟੈਂਪਲ ਟੋਪਾਜ਼ ਐਵਿਨਿਊ ਵਿਕਟੋਰੀਆ, ਖ਼ਾਲਸਾ ਦੀਵਾਨ ਸੋਸਾਇਟੀ ਨਨੈਮੋ, ਗੁਰੂ ਨਾਨਕ ਸਿੱਖ ਸੋਸਾਇਟੀ ਪਾਈਨਕ੍ਰੈਸਟ ਆਰ.ਡੀ. ਕੈਂਪਬੈਲ ਰਿਵਰ, ਸਿੱਖ ਟੈਂਪਲ ਸਕੁਏਮਿਸ਼, ਸਿੱਖ ਕਲਚਰਲ ਸੋਸਾਇਟੀ ਕੈਂਬਰਿਜ ਕਰੇ ਸੈਂਟ ਕਾਮਲੂਪਸ, ਮੈਰਿਟ ਸਿੱਖ ਟੈਂਪਲ ਚੈਪਮੈਨ ਸਟ ?ਰੀਟ ਮੈਰਿਟ, ਅਲਬਰਨੀ ਵੈਲੀ ਗੁਰਦੁਆਰਾ ਸੁਸਾਇਟੀ ਮੌਂਟਰੋਜ਼ ਸਟ ?ਰੀਟ ਪੋਰਟ ਅਲਬਰਨੀ, ਗੁਰਦੁਆਰਾ ਗੁਰੂ ਤੇਗ਼ ਬਹਾਦਰ ਸਾਹਿਬ ਸਰੀ ਅਤੇ ਓਨਟਾਰੀਓ ਸਿੱਖ ਅਤੇ ਗੁਰਦੁਆਰਾ ਕੌਂਸਲ ਓਨਟਾਰੀਓ ਆਦਿ ਸ਼ਾਮਿਲ ਹਨ।

ਇਸ ਦੌਰਾਨ ਪ੍ਰੋ: ਕੁਲਵਿੰਦਰ ਸਿੰਘ ਛੀਨਾ ਅਤੇ ਪ੍ਰੋ: ਸਰਚਾਂਦ ਸਿੰਘ ਨੇ ਇਕ ਸਾਂਝੇ ਬਿਆਨ ’ਚ ਕਿਹਾ ਕਿ ਦਿੱਲੀ ਕੌਮਾਂਤਰੀ ਹਵਾਈ ਅੱਡੇ ’ਤੇ ਯਾਤਰੀਆਂ ਦੀ ਵੱਡੀ ਆਮਦ ਦੇ ਮੱਦੇਨਜ਼ਰ ਦਿੱਲੀ ਦੇ ਨਜ਼ਦੀਕ ਪੰਜਾਬ ਦੇ ਚੰਡੀਗੜ੍ਹ ਅਤੇ ਅੰਮ੍ਰਿਤਸਰ ਕੌਮਾਂਤਰੀ ਹਵਾਈ ਅੱਡਿਆਂ ਤੋਂ ਘਰੇਲੂ ਅਤੇ ਕੌਮਾਂਤਰੀ ਉਡਾਣਾਂ ਦੀ ਗਿਣਤੀ ਵਧਾਈ ਜਾਣੀ ਚਾਹੀਦੀ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਇਸ ਮੰਤਵ ਲਈ ਕੇਂਦਰ ਸਰਕਾਰ ਕੋਲ ਢੁਕਵੀਂ ਪੈਰਵਾਈ ਨਾ ਕਰਨ ਦੀ ਸਖ਼ਤ ਆਲੋਚਨਾ ਕੀਤੀ । ਉਨ੍ਹਾਂ ਕੈਨੇਡਾ ਸਰਕਾਰ ਵੱਲੋਂ ਭਾਰਤ ਨਾਲ ਕੀਤੇ ਗਏ ਹਵਾਈ ਆਵਾਜਾਈ ਸਮਝੌਤੇ ’ਚ ਪੰਜਾਬ ਨੂੰ ਬਾਹਰ ਰੱਖੇ ਜਾਣ ’ਤੇ ਵੀ ਅਫ਼ਸੋਸ ਜ਼ਾਹਿਰ ਕੀਤਾ ਅਤੇ ਕਿਹਾ ਕਿ ਕੈਨੇਡਾ ਦੇ ਪੰਜਾਬੀ ਸਾਂਸਦ ਮੈਂਬਰ ਡਾਇਸਪੋਰਾ ਪੰਜਾਬੀ ਭਾਈਚਾਰੇ ਦੀਆਂ ਉਮੀਦਾਂ ’ਤੇ ਖਰੇ ਨਹੀਂ ਉੱਤਰੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਚਲਾਈਆਂ ਜਾ ਰਹੀਆਂ ਏਅਰ ਇੰਡੀਆ ਅਤੇ ਏਅਰ ਕੈਨੇਡਾ ਦੀਆਂ ਉਡਾਣਾਂ ਵਿੱਚ ਸਭ ਤੋਂ ਵੱਧ ਯਾਤਰੀ ਪੰਜਾਬ ਤੋਂ ਆਉਂਦੇ ਹਨ। ਕੈਨੇਡਾ ਅਤੇ ਪੰਜਾਬ ਦਰਮਿਆਨ ਸਿੱਧੀਆਂ ਉਡਾਣਾਂ ਨਾ ਹੋਣ ਕਾਰਨ ਯਾਤਰੀਆਂ ਨੂੰ ਵਾਧੂ ਪੈਸੇ, ਸਮਾਂ ਅਤੇ ਵੱਡੀ ਅਸੁਵਿਧਾ ਤੋਂ ਇਲਾਵਾ ਸੜਕ ਹਾਦਸਿਆਂ ਦੇ ਸ਼ਿਕਾਰ ਹੋਣਾ ਪੈਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਧਾਰਮਿਕ ਅਤੇ ਵਿਰਸੇ ਪੱਖੋਂ ਅਹਿਮ ਸ਼ਹਿਰ ਹੈ, ਸ੍ਰੀ ਦਰਬਾਰ ਸਾਹਿਬ, ਜੱਲਿਆਂਵਾਲਾ ਬਾਗ, ਮਹਾਂਰਿਸ਼ੀ ਬਾਲਮੀਕ ਜੀ ਦੀ ਤਪੋ ਭੂਮੀ ਸ੍ਰੀ ਰਾਮ ਤੀਰਥ ਅਤੇ ਵਾਹਗੇ ਦੀ ਕੌਮਾਂਤਰੀ ਸਰਹੱਦ ਉੱਤੇ ਹੁੰਦੇ ਪਰੇਡ ਪੰਜਾਬੀਆਂ ਲਈ ਹੀ ਨਹੀਂ ਸਗੋਂ ਦੁਨੀਆ ਦੇ ਸੈਲਾਨੀਆਂ ਲਈ ਵੀ ਖਿੱਚ ਦਾ ਕੇਂਦਰ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ’ਚ ਸੈਲਾਨੀਆਂ ਦੀ ਰੋਜ਼ਾਨਾ ਕਰੀਬ ਡੇਢ ਤੋਂ ਦੋ ਲੱਖ ਦੀ ਆਮਦ ਕਾਰਨ ਸੈਰ-ਸਪਾਟਾ ਅਤੇ ਆਰਥਿਕਤਾ ਨੂੰ ਹੁਲਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਅਤੇ ਕੈਨੇਡਾ ਲਈ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਦੇ ਫ਼ੈਸਲੇ ਨਾਲ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਅਤੇ ਸਿੱਖ ਭਾਈਚਾਰੇ ਵਿਚ ਭਾਰਤ ਪ੍ਰਤੀ ਰਵਈਏ ਵਿਚ ਵਿਲੱਖਣ ਤਬਦੀਲੀ ਦੇਖਣ ਨੂੰ ਮਿਲੇਗੀ। ਇਸ ਦੇ ਨਾਲ ਹੀ ਪ੍ਰੋ: ਸਰਚਾਂਦ ਸਿੰਘ ਨੇ ਅੰਮ੍ਰਿਤਸਰ ਹਵਾਈ ਅੱਡੇ ਤੋਂ ਕਾਰਗੋ ਉਡਾਣਾਂ ਦੀ ਆਵਾਜਾਈ ਵਧਾਉਣ ਦੀ ਵਕਾਲਤ ਵੀ ਕੀਤੀ । ਉਨ੍ਹਾਂ ਕਿਹਾ ਕਿ ਕਾਰਗੋ ਉਡਾਣਾਂ ਦੇ ਵਾਧੇ ਨਾਲ ਖੇਤੀ ਉਦਯੋਗ ਮਜ਼ਬੂਤ ਹੋਵੇਗਾ। ਪੰਜਾਬ ਅਤੇ ਖ਼ਾਸਕਰ ਕੇ ਸਰਹੱਦੀ ਖੇਤਰ ਦੇ ਕਿਸਾਨਾਂ ਨੂੰ ਫ਼ਾਇਦਾ ਮਿਲੇਗਾ। ਕਿਸਾਨ ਫਲ ਅਤੇ ਸਬਜ਼ੀਆਂ ਦੁਬਈ ਸਿੰਘਾਪੁਰ ਸਮੇਤ ਵਿਦੇਸ਼ਾਂ ਵਿਚ ਵੇਚ ਸਕਣਗੇ।

# ਆਪ’ ਸਰਕਾਰ ਦੇ ਇੱਕ ਸਾਲ ਦੇ ਕਾਰਜਕਾਲ ‘ਚ ਅਮਨ-ਕਾਨੂੰਨ ਦੀ ਸਥਿਤੀ ਬਦ ਤੋਂ ਹੋਈ ਬਦਤਰ : ਬੈਂਸ

**ਲੁਧਿਆਣਾ/ਸ਼ੰਮੀ ਕੁਮਾਰ**

ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇੱਕ ਸਾਲ ਪੂਰਾ ਹੋਣ ਤੇ ਲੋਕ ਇਨਸਾਫ ਪਾਰਟੀ ਦੇ ਮੁੱਖੀ ਸਰਦਾਰ ਸਿਮਰਜੀਤ ਸਿੰਘ ਬੈਂਸ ਨੇ ਭਗਵੰਤ ਮਾਨ ਸਰਕਾਰ ਦੇ ਵਿਰੁਧ ਬੋਲਦਿਆਂ ਕਿਹਾ ਕਿ ਸਰਕਾਰ ਦੇ ਇੱਕ ਸਾਲ ਦੇ ਕਾਰਜਕਾਲ ‘ਚ ਹੀ ਸੂਬੇ ‘ਚ ਅਮਨ-ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਗਈ ਹੈ, ਜਿਸ ਕਾਰਨ ਗੈਂਗਸਟਰ, ਅਪਰਾਧੀ, ਮਾਫੀਆ ਅਤੇ ਦੇਸ਼ ਵਿਰੋਧੀ ਤਾਕਤਾਂ ਨਿਡਰ ਹੋ ਕੇ ਸਰਕਾਰ ਨੂੰ ਚੁਣੌਤੀ ਦੇ ਰਹੇ ਹਨ ਅਤੇ ਆਪਣੇ ਅਪਰਾਧਾਂ ਨੂੰ ਅੰਜਾਮ ਦੇ ਰਹੇ ਹਨ। ਜਦੋਂਕਿ ਸਰਕਾਰ ਅਤੇ ਪੁਲਿਸ-ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖ ਰਹੇ ਹਨ। ਜਿਸ ਕਾਰਨ ਪਿਛਲੇ ਇੱਕ ਸਾਲ ਵਿੱਚ ਪੰਜਾਬ ਦੀਆਂ ਕਈ ਨਾਮਵਰ ਸ਼ਖ਼ਸੀਅਤਾਂ ਆਪਣੀ ਜਾਨ ਗੁਆ ??ਚੁੱਕੀਆਂ ਹਨ ਪਰ ਅੱਜ ਤੱਕ ਪੰਜਾਬ ਸਰਕਾਰ ਦੇ ਕੰਨਾਂ ’ਤੇ ਜੂੰ ਨਹੀਂ ਸਰਕੀ ਅਤੇ ਪੰਜਾਬ ਦੀ ਜਨਤਾ ਦਾ ਪਹਿਲੇ ਸਾਲ ਹੀ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ। ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਅੱਜ ਕੋਟ ਮੰਗਲ ਸਿੰਘ ਵਿਖ਼ੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰ ਰਹੇ ਸਨ। ਸਾਬਕਾ ਵਿਧਾਇਕ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਿਛਲੇ ਇੱਕ ਸਾਲ ਤੋਂ ਪੰਜਾਬ ਵਿੱਚ ਕਾਨੂੰਨ ਵਿਵਸਥਾ ਠੀਕ ਹੋਣ ਦਾ ਰਟਿਆ ਹੋਇਆ ਜਵਾਬ ਦਿੰਦੇ ਆ ਰਹੇ ਹਨ । ਉਹਨਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਵਾਲ ਕੀਤਾ ਕਿ ਜੇਕਰ ਅਜਿਹੇ ਹਾਲਾਤਾਂ ਵਿੱਚ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਠੀਕ ਹੈ ਤਾਂ ਸਥਿਤੀ ਕਿਵੇਂ ਵਿਗੜਦੀ ਹੈ, ਇਸ ਬਾਰੇ ਭਗਵੰਤ ਮਾਨ ਨੂੰ ਜਨਤਾ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ? ਕੇਜਰੀਵਾਲ ਅਤੇ ਭਗਵੰਤ ਮਾਨ ਦੀ ਕਹਿਣੀ ਅਤੇ ਕਰਨੀ ਵਿਚਲਾ ਫਰਕ ਜਨਤਾ ਚੰਗੀ ਤਰ੍ਹਾਂ ਸਮਝ ਚੁੱਕੀ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਦੇ ਸੱਤਾ ਸੰਭਾਲਣ ਤੋਂ ਤੁਰੰਤ ਬਾਅਦ ਹੀ ਮੋਹਾਲੀ ‘ਚ ਪੰਜਾਬ ਪੁਲਸ ਇੰਟੈਲੀਜੈਂਸ ਦੀ ਮੁੱਖ ਇਮਾਰਤ ਅਤੇ ਤਰਨਤਾਰਨ ਦੇ ਸਰਹਾਲੀ ਥਾਣੇ ‘ਤੇ ਰਾਕੇਟ ਲਾਂਚਰਾਂ ਨਾਲ ਹਮਲੇ ਕੀਤੇ ਗਏ, ਵਿਸ਼ਵ ਪ੍ਰਸਿੱਧ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦਾ ਦਿਨ-ਦਿਹਾੜੇ ਅਤਿ-ਆਧੁਨਿਕ ਹਥਿਆਰਾਂ ਨਾਲ ਕਤਲ ਪੰਜਾਬ ਸਰਕਾਰ ਦੀ ਕਾਰਜਪ੍ਰਣਾਲੀ ‘ਤੇ ਸਵਾਲੀਆ ਨਿਸ਼ਾਨ ਹੈ। ਨਸ਼ੇ ਉਤੇ ਬੋਲਦੇ ਸਿਮਰਜੀਤ ਸਿੰਘ ਬੈਂਸ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੇਜਰੀਵਾਲ ਇਕ ਮਹੀਨੇ ‘ਚ ਪੰਜਾਬ ‘ਚੋਂ ਨਸ਼ਾ ਖਤਮ ਕਰਨ ਅਤੇ ਨਸ਼ੇ ਦੀ ਚੇਨ ਨੂੰ ਤੋੜਨ ਦੀਆਂ ਡੀਂਗਾਂ ਮਾਰਦੇ ਸਨ ਪਰ ਇਕ ਸਾਲ ਪੂਰਾ ਹੋਣ ਤੋਂ ਬਾਅਦ ਵੀ ਸੂਬੇ ‘ਚ ਨਸ਼ਿਆਂ ਦੀ ਸਪਲਾਈ ‘ਚ ਕਮੀ ਨਹੀਂ ਆਈ ਹੈ, ਉਲਟਾ ਵਧੀ ਹੈ।. ਦੂਜੇ ਪਾਸੇ ਭਗਵੰਤ ਮਾਨ ਦੀ ਸਰਕਾਰ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਸਰਕਾਰ ਦੇ ਦੋ ਕੈਬਨਿਟ ਮੰਤਰੀ ਅਤੇ ਇੱਕ ਵਿਧਾਇਕ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਜੇਲ੍ਹ ਵਿੱਚ ਹਨ ਅਤੇ ਪਤਾ ਨਹੀਂ ਕਿੰਨੇ ਹੋਰ ਜੇਲ੍ਹ ਜਾਣੇ ਬਾਕੀ ਹਨ।ਭਗਵੰਤ ਮਾਨ ਸਰਕਾਰ ਆਪਣੀਆਂ ਫਲਾਪ ਸਕੀਮਾਂ ਨੂੰ ਇਸ਼ਤਿਹਾਰਾਂ ਰਾਹੀਂ ਪ੍ਰਚਾਰ ਕੇ ਜਨਤਾ ਦੇ ਟੈਕਸਾਂ ਦੇ ਅਰਬਾਂ ਰੁਪਏ ਬਰਬਾਦ ਕਰ ਰਹੀ ਹੈ। ਪੰਜਾਬ ਸਰਕਾਰ ਲੋਕ ਭਲਾਈ ਦੀ ਬਜਾਏ ਜਨਤਾ ਦੇ ਟੈਕਸ ਦਾ ਪੈਸਾ ਆਪਣੇ ਕੂੜ ਪ੍ਰਚਾਰ ਲਈ ਬਰਬਾਦ ਕਰ ਰਹੀ ਹੈ, ਜਿਸ ਤੋਂ ਪੰਜਾਬ ਦੇ ਲੋਕਾਂ ਨੂੰ ਸਾਫ ਦਿਸ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਇਹ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗ ਡੰਗ ਟੱਪਾਈ ਕਰ ਰਹੀ ਹੈ ਅਤੇ ਲੋਕਾਂ ਦਾ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ। ਉਹਨਾਂ ਦਾਅਵਾ ਕੀਤਾ ਕਿ ਆਉਣ ਵਾਲਾ ਸਮਾਂ ਲੋਕ ਇਨਸਾਫ਼ ਪਾਰਟੀ ਦਾ ਹੈ ਅਤੇ ਪਾਰਟੀ ਦਾ ਹਰ ਵਰਕਰ ਘਰ ਘਰ ਜਾ ਕੇ ਸਰਕਾਰ ਦਾ ਭਾਂਡਾ ਭੰਨ੍ਹੇਗਾ ਅਤੇ ਲੋਕਾਂ ਨੂੰ ਜਾਗਰੂਕ ਕਰੇਗਾ। ਉਹਨਾਂ ਸਲਾਹ ਦਿੱਤੀ ਕਿ ਸਰਕਾਰ ਤੁਰੰਤ ਰਾਜਸਥਾਨ ਸਮੇਤ ਦਿੱਲੀ ਅਤੇ ਹਰਿਆਣਾ ਨੂੰ ਜਾਣ ਵਾਲੇ ਪਾਣੀ ਦੀ ਕੀਮਤ ਵਸੂਲੀ ਦਾ ਬਿੱਲ ਬਣਾ ਕੇ ਭੇਜੇ ਅਤੇ ਆਪਣੇ ਪੈਸੇ ਵਸੂਲ ਕਰੇ ਜਿਸ ਨਾਲ ਹਰ ਪੰਜਾਬੀ ਦੁਬਈ ਦੇ ਸ਼ੇਖਾਂ ਵਾਂਗ ਜੀਵਨ ਬਸਰ ਸ਼ੁਰੂ ਕਰ ਸਕੇ।



# ਜਸਟਿਸ ਹਰਮਿੰਦਰ ਸਿੰਘ ਮਦਾਨ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਵਿਖੇ ਵਲਨਰੇਬਲ ਵਿਟਨਸ ਡੈਪੋਜੀਸ਼ਨ ਸੈਂਟਰ ਦਾ ਉਦਘਾਟਨ





**ਗੁਰਦਾਸਪੁਰ/ਨਵਨੀਤ ਕੁਮਾਰ**

ਮਾਣਯੋਗ ਮਿਸਟਰ ਜਸਟਿਸ ਹਰਮਿੰਦਰ ਸਿੰਘ ਮਦਾਨ, ਜੱਜ, ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ, ਪ੍ਰਬੰਧਕੀ ਜੱਜ, ਸੈਸ਼ਨ ਡਵੀਜਨ, ਗੁਰਦਾਸਪੁਰ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਵਿਖੇ ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ, ਗੁਰਦਾਸਪੁਰ ਦੀ ਹਾਜ਼ਰੀ ਵਿੱਚ ਵਲਨਰੇਬਲ ਵਿਟਨਸ ਡੈਪੋਜੀਸ਼ਨ ਸੈਂਟਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ, ਸ੍ਰੀ ਪਰਮਿੰਦਰ ਸਿੰਘ ਰਾਏ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ, ਸ੍ਰੀਮਤੀ ਜਸਬੀਰ ਕੌਰ, ਪ੍ਰਿੰਸੀਪਲ ਜੱਜ (ਫੈਮਿਲੀ ਕੋਰਟ), ਗੁਰਦਾਸਪੁਰ, ਸ੍ਰੀ ਰਮਨ ਗੋਕਲਾਨੀ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ, ਸ੍ਰੀ ਦਿਆਮਾ ਹਰੀਸ਼ ਓਮ ਪ੍ਰਕਾਸ਼, ਸੀਨੀਅਰ ਪੁਲਿਸ ਕਪਤਾਨ, ਗੁਰਦਾਸਪੁਰ, ਮੈਡਮ ਨਵਦੀਪ ਕੌਰ ਗਿੱਲ, ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ, ਸ੍ਰੀ ਮਦਨ ਲਾਲ ਸਿਵਲ ਜੱਜ (ਸੀਨੀਅਰ ਡਵੀਜਨ), ਗੁਰਦਾਸਪੁਰ, ਸ੍ਰੀ ਰਛਪਾਲ ਸਿੰਘ, ਸੀ.ਜੇ.ਐਮ, ਗੁਰਦਾਸਪੁਰ, ਮਿਸ ਰਮਨੀਤ ਕੌਰ, ਪ੍ਰਿੰਸੀਪਲ ਜੱਜ (ਜੁਵੇਨਾਇਲ ਜਸਟਿਸ ਬੋਰਡ), ਗੁਰਦਾਸਪੁਰ, ਸ੍ਰੀ ਜਸਵਿੰਦਰ ਪਾਲ, ਮਿਸ ਸਤਵਿੰਦਰਜੀਤ ਕੌਰ, ਮਿਸ ਪਰਨੀਤ ਕੌਰ, ਸ੍ਰੀ ਅਮਨਦੀਪ ਸਿੰਘ, ਮਿਸ ਪਲਵੀ ਰਾਣਾ ਅਤੇ ਸ੍ਰੀ ਯੋਗੇਸ਼ ਗਿੱਲ, ਸਿਵਲ ਜੱਜ (ਜੂਨੀਅਰ ਡਵੀਜਨ), ਗੁਰਦਾਸਪੁਰ ਨਿਆਇਕ ਅਧਿਕਾਰੀ ਅਤੇ ਸ੍ਰੀ ਨਰੇਸ਼ ਸਿੰਘ ਠਾਕੁਰ, ਬਾਰ ਪ੍ਰਧਾਨ, ਜਿਲ੍ਹਾ ਬਾਰ ਐਸੋਸੀਏਸ਼ਨ, ਗੁਰਦਾਸਪੁਰ, ਸ੍ਰੀ ਅਮਨਪ੍ਰੀਤ ਸਿੰਘ ਸੰਧੂ, ਜ਼ਿਲ੍ਹਾ ਅਟਾਰਨੀ, ਗੁਰਦਾਸਪੁਰ ਅਤੇ ਮੈਡਮ ਅਮਨਦੀਪ ਕੌਰ ਘੁੰਮਣ, ਐਸ.ਡੀ.ਐਮ. ਗੁਰਦਾਸਪੁਰ ਵੀ ਮੌਜੂਦ ਸਨ।ਵਲਨਰੇਬਲ ਵਿਟਨਸ ਡੈਪੋਜੀਸਨ ਸੈਂਟਰ ਦਾ ਉਦਘਾਟਨ ਕਰਨ ਉਪਰੰਤ ਮਾਣਯੋਗ ਮਿਸਟਰ ਜਸਟਿਸ ਹਰਮਿੰਦਰ ਸਿੰਘ ਮਦਾਨ ਨੇ ਦੱਸਿਆ ਕਿ ਵਲਨਰੇਬਲ ਵਿਟਨਸ ਡੈਪੋਜੀਸਨ ਸੈਂਟਰ ਨੂੰ ਵਿਟਨਸ ਪ੍ਰੋਟੈਕਸ਼ਨ ਸਕੀਮ-2018 ਤਹਿਤ ਗਠਿਤ ਕੀਤਾ ਗਿਆ ਹੈ। ਮਾਣਯੋਗ ਜੱਜ ਸਾਹਿਬ ਨੇ ਦੱਸਿਆ ਕਿ ਕਮਜ਼ੋਰ ਗਵਾਹ ਉਹ ਗਵਾਹ ਹੁੰਦੇ ਹਨ, ਜੋ ਕਿ 18 ਸਾਲ ਤੋਂ ਘੱਟ ਉਮਰ ਦੇ ਹੁੰਦੇ ਹਨ, ਜਿਨਸੀ ਸੋਸ਼ਣ ਤੋਂ ਪੀੜਤ, ਦਿਮਾਗੀ ਬਿਮਾਰੀ ਤੋਂ ਪੀੜਤ, ਜਿਸ ਨੂੰ ਕਿਸੇ ਵੀ ਤਰ੍ਹਾਂ ਦੀ ਧਮਕੀ ਮਿਲਦੀ ਹੈ ਜਾਂ ਜੋ ਕੋਰਟ ਵੱਲੋਂ ਕਮਜੋਰ ਘੋਸ਼ਿਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਮਾਣਯੋਗ ਸੁਪਰੀਮ ਕੋਰਟ ਆਫ ਇੰਡੀਆ ਨੇ ਕਮਜ਼ੋਰ ਗਵਾਹਾਂ ਦੇ ਮਤਲਬ ਨੂੰ ਵਿਸਥਾਰ ਵਿੱਚ ਦੱਸਿਆ ਹੈ। ਮਾਣਯੋਗ ਜੱਜ ਸਾਹਿਬ ਦੁਆਰਾ ਜਾਣਕਾਰੀ ਦਿੱਤੀ ਗਈ ਕਿ ਇਹ ਸੈਂਟਰ ਕਮਜ਼ੋਰ ਗਵਾਹਾਂ ਨੂੰ ਬਿਨਾਂ ਡਰ ਅਤੇ ਦਬਾਅ ਤੋਂ ਮਿਆਰੀ ਨਿਆਂ ਦੇਣ ਵਿੱਚ ਮਦਦਗਾਰ ਹੋਵੇਗਾ।ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ, ਸ੍ਰੀ ਰਜਿੰਦਰ ਅਗਰਵਾਲ ਨੇ ਦੱਸਿਆ ਕਿ ਵਲਨਰੇਬਲ ਵਿਟਨਸ ਡੈਪੋਜੀਸਨ ਸੈਂਟਰ ਦੇ ਸਥਾਪਿਤ ਹੋਣ ਤੋਂ ਬਾਅਦ ਕੋਈ ਵੀ ਗਵਾਹ, ਜਿਸ ਨੂੰ ਕਿਸੇ ਵੀ ਤਰ੍ਹਾਂ ਦਾ ਕੋਈ ਡਰ ਹੋਵੇ ਤਾਂ ਉਹ ਸਬੰਧਤ ਅਦਾਲਤ ਨੂੰ ਗੁਜਾਰਿਸ਼ ਕਰ ਕੇ ਇਸ ਸੈਂਟਰ ਰਾਹੀਂ ਆਪਣੇ ਬਿਆਨ ਦਰਜ ਕਰਵਾ ਸਕਦਾ ਹੈ। ਇਸ ਤੋਂ ਇਲਾਵਾ ਮਾਣਯੋਗ ਮਿਸਟਰ ਜਸਟਿਸ ਹਰਮਿੰਦਰ ਸਿੰਘ ਮਦਾਨ, ਜੱਜ, ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ, ਪ੍ਰਬੰਧਕੀ ਜੱਜ, ਸੈਸ਼ਨ ਡਵੀਜਨ, ਗੁਰਦਾਸਪੁਰ ਵੱਲੋਂ ਗੁਰਦਾਸਪੁਰ ਦੀਆਂ ਵੱਖ-ਵੱਖ ਅਦਾਲਤਾਂ ਦਾ ਸਰਵੇਖਣ ਕੀਤਾ ਗਿਆ ਅਤੇ ਅਦਾਲਤਾਂ ਵਿੱਚ ਮੌਜੂਦ ਪ੍ਰਾਰਥੀਆਂ ਨੂੰ ਮਿਲਿਆ ਗਿਆ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ। ਇਸ ਤੋਂ ਇਲਾਵਾ ਮਾਣਯੋਗ ਜੱਜ ਸਹਿਬਾਨ ਗੁਰਦਾਸਪੁਰ ਬਾਰ ਵਿੱਚ ਗਏ ਅਤੇ ਵਕੀਲਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ। ਇਸ ਤੋਂ ਬਾਅਦ ਮਾਣਯੋਗ ਜੱਜ ਸਾਹਿਬਾਨ ਦੁਆਰਾ ਕੇਂਦਰੀ ਜੇਲ੍ਹ, ਗੁਰਦਾਸਪੁਰ ਦਾ ਨਿਰੀਖਣ ਵੀ ਕੀਤਾ ਗਿਆ ਅਤੇ ਕੈਦੀਆਂ ਅਤੇ ਹਵਾਲਾਤੀਆਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ।

# ਪੇਂਡੂ ਭਾਰਤ ਵਿੱਚ ਸਿਹਤ ਸਹੂਲਤਾਂ ਦੀ ਹਾਲਤ ਨਾਜ਼ੁਕ ਹੈ



**ਵਿਜੈ ਗਰਗ**
ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ ਮਲੋਟ ਪੰਜਾਬ

(ਪੇਂਡੂ ਖੇਤਰਾਂ ਵਿੱਚ ਆਮ ਲੋਕ ਭੇਸ ਧਾਰ ਕੇ ਆਪਣੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਦੀ ਕੋਸ਼ਿਸ਼ ਕਰਦੇ ਹਨ) 3100 ਮਰੀਜ਼ਾਂ ਲਈ ਸਿਰਫ਼ ਇੱਕ ਬੈੱਡ, ਪੇਂਡੂ ਸਿਹਤ ਅੰਕੜਿਆਂ ਦੀ ਰਿਪੋਰਟ ਪੂਰਾ ਭਾਰਤ ਸਿਹਤ ਸੇਵਾਵਾਂ ਦੀ ਦੁਰਦਸ਼ਾ ਦਾ ਸਾਹਮਣਾ ਕਰ ਰਿਹਾ ਹੈ। ਇਹੀ ਕਾਰਨ ਹੈ ਕਿ ਪੇਂਡੂ ਖੇਤਰਾਂ ਵਿੱਚ ਆਮ ਲੋਕ ਜਾਂ ਤਾਂ ਚਕਮਾ ਦੇ ਡਾਕਟਰਾਂ ਤੋਂ ਇਲਾਜ ਕਰਵਾਉਣ ਲਈ ਮਜ਼ਬੂਰ ਹਨ ਜਾਂ ਫਿਰ ਭੇਦ-ਭਾਵ ਰਾਹੀਂ ਆਪਣੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਦੀ ਕੋਸ਼ਿਸ਼ ਕਰਦੇ ਹਨ। ਪੇਂਡੂ ਖੇਤਰਾਂ ਵਿੱਚ ਸਰਕਾਰੀ ਡਾਕਟਰਾਂ ਦੀ ਤਾਇਨਾਤੀ ਕੀਤੀ ਜਾਵੇਹੋਣ ਦੇ ਬਾਵਜੂਦ ਉਹ ਪਿੰਡਾਂ ਵਿੱਚ ਨਹੀਂ ਜਾਂਦੇ, ਸ਼ਹਿਰਾਂ ਵਿੱਚ ਆਪਣੇ ਮੈਡੀਕਲ ਸੈਂਟਰ ਸ਼ੁਰੂ ਕਰ ਲੈਂਦੇ ਹਨ। ਕਿਹਾ ਜਾਂਦਾ ਹੈ ਕਿ ਅਸਲ ਭਾਰਤ ਪਿੰਡਾਂ ਵਿੱਚ ਵਸਦਾ ਹੈ। ਪਰ ਪੇਂਡੂ ਲੋਕਾਂ ਦੀ ਸਿਹਤ ਦਾ ਧਿਆਨ ਰੱਖਣ ਵਾਲੇ ਮੈਡੀਕਲ ਸੈਂਟਰ 21ਵੀਂ ਸਦੀ ਦੇ ਭਾਰਤ ਵਿੱਚ ਹੋਰ ਵੀ ਮਾੜੇ ਹਨ। ਪੇਂਡੂ ਖੇਤਰਾਂ ਵਿੱਚ ਚੱਲ ਰਹੇ ਪ੍ਰਾਇਮਰੀ ਹੈਲਥ ਸੈਂਟਰਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਮੈਡੀਕਲ ਮਾਹਿਰਾਂ ਦੀ ਵੱਡੀ ਘਾਟ ਹੈ। ਇਸ ਕਾਰਨ ਸ਼ਹਿਰ ਅਤੇ ਪਿੰਡ ਵਿਚਕਾਰ ਅਜਿਹਾ ਪਾੜਾ ਪੈਦਾ ਹੋ ਰਿਹਾ ਹੈ, ਜਿਸ ਦੇ ਸਿੱਟੇ ਆਉਣ ਵਾਲੇ ਸਮੇਂ ਵਿੱਚ ਕਾਫੀ ਭਿਆਨਕ ਹੋ ਸਕਦੇ ਹਨ। ਦੇਸ਼ ਦੀ ਚੰਗੀ ਤਰੱਕੀਭਾਵੇਂ ਕਿੰਨੇ ਵੀ ਦਾਅਵੇ ਕੀਤੇ ਜਾਣ ਪਰ ਪਿੰਡਾਂ ਵਿੱਚ ਅੱਸੀ ਫੀਸਦੀ ਦੇ ਕਰੀਬ ਮੈਡੀਕਲ ਮਾਹਿਰਾਂ ਦੀ ਘਾਟ ਆਪਣੇ ਆਪ ਵਿੱਚ ਕਈ ਸਵਾਲ ਖੜ੍ਹੇ ਕਰਦੀ ਹੈ। ਅਜਿਹੀ ਸਥਿਤੀ ਵਿੱਚ, ਇੱਕ ਸਿਹਤਮੰਦ ਭਾਰਤ ਇੱਕ ਖੁਸ਼ਹਾਲ ਭਾਰਤ ਕਿਵੇਂ ਬਣੇਗਾ? ਮਹਾਤਮਾ ਗਾਂਧੀ ਨੇ ਕਿਹਾ ਸੀ ਕਿ 'ਸਿਹਤ ਹੀ ਅਸਲੀ ਦੌਲਤ ਹੈ, ਸੋਨੇ-ਚਾਂਦੀ ਦੇ ਟੁਕੜੇ ਨਹੀਂ।' ਹੁਣ ਜੇਕਰ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨਹੀਂ ਹਨ ਅਤੇ ਸਿਹਤ ਕੇਂਦਰ ਸਹੂਲਤਾਂ ਦੀ ਘਾਟ ਨਾਲ ਜੂਝ ਰਹੇ ਹਨ ਤਾਂ ਪੇਂਡੂ ਭਾਰਤ ਦੀ ਹਾਲਤ ਕਿਵੇਂ ਸੁਧਰ ਸਕਦੀ ਹੈ। ਦੇਸ਼ ਦੇ ਪੇਂਡੂ ਅਤੇ ਦੂਰ-ਦੁਰਾਡੇ ਦੇ ਖੇਤਰ ਸਿਹਤ ਸਹੂਲਤਾਂ ਪੱਖੋਂ ਬਹੁਤ ਪਛੜੇ ਹੋਏ ਹਨ। ਦੀ ਪਛਾਣਰੂਰਲ ਹੈਲਥ ਸਟੈਟਿਸਟਿਕਸ 2021-22 ਦੀ ਰਿਪੋਰਟ ਪੇਸ਼ ਕਰਦਾ ਹੈ। ਇਸ ਰਿਪੋਰਟ ਮੁਤਾਬਕ ਦੇਸ਼ ਦੇ ਪੇਂਡੂ ਖੇਤਰਾਂ ਵਿੱਚ ਸਰਜਨਾਂ ਦੀ ਲਗਭਗ 83 ਫੀਸਦੀ ਕਮੀ ਹੈ। ਬੱਚਿਆਂ ਦੇ ਡਾਕਟਰਾਂ ਦੀ 81.6 ਫੀਸਦੀ ਅਤੇ ਡਾਕਟਰਾਂ ਦੀ 79.1 ਫੀਸਦੀ ਘਾਟ ਹੈ। ਪ੍ਰਸੂਤੀ ਅਤੇ ਗਾਇਨੀਕੋਲੋਜਿਸਟ ਦਾ ਵੀ ਇਹੀ ਹਾਲ ਹੈ। ਪੇਂਡੂ ਖੇਤਰਾਂ ਵਿੱਚ ਆਮ ਤੌਰ 'ਤੇ 72.2 ਫੀਸਦੀ ਦੀ ਕਮੀ ਹੁੰਦੀ ਹੈ। ਇੰਨਾ ਹੀ ਨਹੀਂ ਉਥੇ ਪ੍ਰਾਇਮਰੀ ਹੈਲਥ ਸੈਂਟਰਾਂ (ਪੀ.ਐੱਚ.ਸੀ.) ਦੀ ਹਾਲਤ ਵੀ ਠੀਕ ਨਹੀਂ ਹੈ। ਅਜਿਹੇ 'ਚ ਸੁਪਰੀਮ ਕੋਰਟ ਨੇ ਦਿਹਾਤੀ ਖੇਤਰਾਂ 'ਚ ਸਿਹਤ ਸੇਵਾਵਾਂ ਨੂੰ ਲੈ ਕੇ ਚਿੰਤਾ ਪ੍ਰਗਟਾਈ ਹੈ।ਆਰ ਦੇ. ਅਸੀਂ ਕੇਵਲ ਵਿਸ਼ਵਗੁਰੂ ਬਣਨ ਦੇ ਸੁਪਨੇ ਦੇਖ ਕੇ ਖੁਸ਼ ਨਹੀਂ ਹੋ ਸਕਦੇ, ਜਦੋਂ ਤੱਕ ਅਸਲ ਸਥਿਤੀ ਵਿੱਚ ਕੋਈ ਬੁਨਿਆਦੀ ਤਬਦੀਲੀ ਨਹੀਂ ਆਉਂਦੀ। ਮਹੱਤਵਪੂਰਨ ਗੱਲ ਇਹ ਹੈ ਕਿ ਜਨਵਰੀ 2023 ਵਿੱਚ, ਸੁਪਰੀਮ ਕੋਰਟ ਨੇ ਆਪਣੇ ਇੱਕ ਫੈਸਲੇ ਵਿੱਚ ਕਿਹਾ ਸੀ ਕਿ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਸ਼ਹਿਰੀ ਖੇਤਰਾਂ ਵਾਂਗ ਸਿਹਤ ਸਹੂਲਤਾਂ ਦਾ ਅਧਿਕਾਰ ਹੈ। ਅਦਾਲਤ ਨੇ ਅੱਗੇ ਕਿਹਾ ਕਿ ਸਰਕਾਰ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਵਧਾਉਣ ਲਈ ਪਾਬੰਦ ਹੈ। ਪੇਂਡੂ ਆਬਾਦੀ ਦੀ ਦੇਖਭਾਲ ਲਈ ਯੋਗ ਡਾਕਟਰਾਂ ਦੀ ਨਿਯੁਕਤੀ ਕੀਤੀ ਜਾਣੀ ਚਾਹੀਦੀ ਹੈ। ਜਸਟਿਸ ਬੀਆਰ ਗਵਈ ਅਤੇ ਬੀਵੀ ਨਗਰਰਤਨ ਦੀ ਬੈਂਚਨੇ ਕਿਹਾ ਕਿ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਪੇਂਡੂ ਅਤੇ ਸ਼ਹਿਰੀ ਅਬਾਦੀ ਵਿੱਚ ਕੋਈ ਵਿਤਕਰਾ ਨਹੀਂ ਹੋਣਾ ਚਾਹੀਦਾ। ਇੱਕ ਕਲਿਆਣਕਾਰੀ ਰਾਜ ਵਿੱਚ ਸ਼ਹਿਰ ਅਤੇ ਪਿੰਡ ਦੇ ਅਧਾਰ 'ਤੇ ਲੋਕਾਂ ਵਿੱਚ ਕਦੇ ਵੀ ਵਿਤਕਰਾ ਨਹੀਂ ਹੋਣਾ ਚਾਹੀਦਾ। ਅੱਜ ਜਦੋਂ ਦੁਨੀਆਂ ਦੇ ਹਰ ਖੇਤਰ ਵਿੱਚ ਤੇਜ਼ੀ ਨਾਲ ਤਰੱਕੀ ਹੋ ਰਹੀ ਹੈ ਤਾਂ ਭਾਰਤ ਦੇ ਪੇਂਡੂ ਖੇਤਰ ਸਿਹਤ ਸਹੂਲਤਾਂ ਦੇ ਮਾਮਲੇ ਵਿੱਚ ਬਹੁਤ ਪਿੱਛੇ ਕਿਉਂ ਹਨ? ਇਸ 'ਤੇ ਬਹਿਸ ਦੀ ਲੋੜ ਹੈ, ਪੰਜ ਖਰਬ ਡਾਲਰ ਦੀ ਆਰਥਿਕਤਾ ਦਾ ਸੁਪਨਾ ਦਿਖਾ ਕੇ ਪੇਂਡੂ ਅਤੇ ਦੂਰ-ਦੁਰਾਡੇ ਦੇ ਇਲਾਕਿਆਂ 'ਚ ਵਸਦੇ ਲੋਕਾਂ ਦਾ ਜੀਵਨ ਜਿਊਣ ਦਾ ਹੱਕ ਖੋਹਣ ਦੀ ਨਹੀਂ! ਇੱਕ ਅੰਕੜੇ ਦੇ ਅਨੁਸਾਰਅਤੇ ਦੇਸ਼ ਵਿੱਚ ਗਰੀਬ ਪਰਿਵਾਰਾਂ ਦੀ ਜੀਵਨ ਸੰਭਾਵਨਾ 20 ਪ੍ਰਤੀਸ਼ਤ ਅਮੀਰ ਪਰਿਵਾਰਾਂ ਨਾਲੋਂ ਔਸਤਨ ਸੱਤ ਸਾਲ ਘੱਟ ਹੈ। ਹੁਣ ਇਸ ਨੂੰ ਇਨਸਾਫ਼ ਦੀ ਤੱਕੜੀ 'ਤੇ ਰੱਖ ਕੇ ਤੋਲੋ, ਤਾਂ ਸਹਿਜੇ ਹੀ ਸਮਝ ਆ ਜਾਵੇਗੀ ਕਿ ਲੋਕਤੰਤਰ 'ਚ ਲੋਕਾਂ ਦੀ ਕੀ ਕੀਮਤ ਹੈ? ਕੀ ਲੋਕਤੰਤਰ ਅਤੇ ਸੰਵਿਧਾਨਕ ਦੇਸ਼ ਵੀ ਆਰਥਿਕਤਾ ਦੀ ਦਹਿਲੀਜ਼ 'ਤੇ ਗੋਡੇ ਟੇਕਣ ਲਈ ਮਜਬੂਰ ਹੈ? ਇੱਕ ਸਵਾਲ ਇਹ ਵੀ ਹੈ ਕਿ ਜਿਸ ਦੇਸ਼ ਵਿੱਚ ਇਲਾਜ ਦਾ ਅੱਧੇ ਤੋਂ ਵੱਧ ਖਰਚਾ ਇੱਕ ਵਿਅਕਤੀ ਦੀ ਜੇਬ ਵਿੱਚੋਂ ਆਉਂਦਾ ਹੈ, ਉਸ ਦੇਸ਼ ਵਿੱਚ ਸਤਾਈ ਰੁਪਏ ਕਮਾ ਕੇ ਗਰੀਬੀ ਰੇਖਾ ਤੋਂ ਬਾਹਰ ਨਿਕਲਣ ਵਾਲਾ ਵਿਅਕਤੀ ਕੀ ਖਾਵੇਗਾ ਜੇਕਰ ਕੋਈ ਹੋਰ। ਬਿਮਾਰ ਪੈ ਜਾਂਦਾ ਹੈ?ਇਲਾਜ ਕਿਵੇਂ ਕਰਵਾਉਣਾ ਹੈ? ਪ੍ਰਾਇਮਰੀ ਹੈਲਥ ਸੈਂਟਰ ਦੂਰ-ਦੁਰਾਡੇ ਅਤੇ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਦਾ ਆਧਾਰ ਹਨ, ਪਰ ਜਦੋਂ ਕੋਈ ਗਰੀਬ ਵਿਅਕਤੀ ਇਲਾਜ ਲਈ ਇਨ੍ਹਾਂ ਕੇਂਦਰਾਂ ਤੱਕ ਪਹੁੰਚਦਾ ਹੈ ਤਾਂ ਅਣਗਿਣਤ ਖਾਮੀਆਂ ਸਾਹਮਣੇ ਆਉਂਦੀਆਂ ਹਨ। ਭਾਰਤ ਦੇ ਪੇਂਡੂ ਖੇਤਰਾਂ ਵਿੱਚ 3100 ਮਰੀਜ਼ਾਂ ਲਈ ਸਿਰਫ਼ ਇੱਕ ਬੈੱਡ ਹੈ। ਕਈ ਰਾਜਾਂ ਵਿੱਚ ਇਹ ਅੰਕੜਾ ਹੋਰ ਵੀ ਮਾੜਾ ਹੈ। ਬਿਹਾਰ ਵਿੱਚ 18,000 ਪਿੰਡਾਂ ਦੇ ਲੋਕਾਂ ਲਈ ਸਿਰਫ਼ ਇੱਕ ਬੈੱਡ ਅਤੇ ਉੱਤਰ ਪ੍ਰਦੇਸ਼ ਵਿੱਚ 49,000 ਮਰੀਜ਼ਾਂ ਲਈ ਇੱਕ ਬੈੱਡ ਹੈ। ਇਸੇ ਤਰ੍ਹਾਂ ਪੇਂਡੂ ਖੇਤਰਾਂ ਵਿੱਚ ਵੀਹ-ਛੱਬੀ ਹਜ਼ਾਰ ਦੀ ਆਬਾਦੀ 'ਤੇ ਸ.ਏ ਇੱਕ ਡਾਕਟਰ ਹੈ, ਜਦੋਂ ਕਿ ਵਿਸ਼ਵ ਸਿਹਤ ਸੰਗਠਨ ਦਾ ਕਹਿਣਾ ਹੈ ਕਿ ਹਰ 1000 ਲੋਕਾਂ ਲਈ ਇੱਕ ਡਾਕਟਰ ਹੋਣਾ ਚਾਹੀਦਾ ਹੈ। ਹੁਣ ਪਿੰਡ ਦਾ ਗਰੀਬ ਵਿਅਕਤੀ ਇਲਾਜ ਲਈ ਪੈਸੇ ਜੋੜੇਗਾ ਜਾਂ ਬੱਚਿਆਂ ਦੀ ਪੜ੍ਹਾਈ ਲਈ? ਇਹ ਉਸ ਲਈ ਵੱਡਾ ਸਵਾਲ ਹੈ। ਲੋਕਤੰਤਰੀ ਦੇਸ਼ ਵਿੱਚ ਸਿਹਤ ਅਤੇ ਸਿੱਖਿਆ ਮੁਫ਼ਤ ਜਾਂ ਸਸਤੀ ਅਤੇ ਪਹੁੰਚ ਵਿੱਚ ਹੋਣੀ ਚਾਹੀਦੀ ਹੈ, ਪਰ ਸਾਡੇ ਦੇਸ਼ ਵਿੱਚ ਸਥਿਤੀ ਇਸ ਦੇ ਬਿਲਕੁਲ ਉਲਟ ਹੈ। ਦੇਸ਼ ਵਿੱਚ ਸਿੱਖਿਆ ਅਤੇ ਸਿਹਤ ਆਮਦਨ ਦਾ ਸਾਧਨ ਬਣ ਗਏ ਹਨ। ਹਾਲਾਂਕਿ ਕੇਂਦਰ ਸਰਕਾਰ ਨੇ ਕੁਝ ਅਜਿਹੇ ਉਪਰਾਲੇ ਕੀਤੇ ਹਨ, ਤਾਂ ਜੋ ਪੇਂਡੂ ਅਤੇ ਗਰੀਬ ਲੋਕਾਂ ਤੱਕ ਸਸਤੀਆਂ ਅਤੇ ਬਿਹਤਰ ਸਿਹਤ ਸਹੂਲਤਾਂ ਪਹੁੰਚ ਸਕਣ।ਸਕਦਾ ਹੈ ਇਸ ਵਿੱਚ 'ਆਯੂਸ਼ਮਾਨ ਭਾਰਤ' ਯੋਜਨਾ ਸ਼ਾਮਲ ਹੈ, ਜਿਸਦਾ ਉਦੇਸ਼ 50 ਕਰੋੜ ਤੋਂ ਵੱਧ ਲੋਕਾਂ ਨੂੰ ਸਿਹਤ ਸੁਰੱਖਿਆ ਪ੍ਰਦਾਨ ਕਰਨਾ ਹੈ। ਪਰ ਆਯੁਸ਼ਮਾਨ ਭਾਰਤ ਯੋਜਨਾ ਵੀ ਨਾਕਾਫ਼ੀ ਫੰਡਿੰਗ, ਸਿਹਤ ਕਰਮਚਾਰੀਆਂ ਦੀ ਘਾਟ ਅਤੇ ਨਾਕਾਫ਼ੀ ਬੁਨਿਆਦੀ ਢਾਂਚੇ ਕਾਰਨ ਸਾਹ ਰੋਕਦੀ ਜਾਪਦੀ ਹੈ। ਪੇਂਡੂ ਖੇਤਰਾਂ ਵਿੱਚ ਅਣਗਿਣਤ ਸਿਹਤ ਸਮੱਸਿਆਵਾਂ ਹਨ ਜਿਨ੍ਹਾਂ ਨਾਲ ਪੇਂਡੂ ਲੋਕ ਜੂਝ ਰਹੇ ਹਨ। ਨੇਤਾਵਾਂ ਨੂੰ ਪੀਣ ਵਾਲੇ ਸਾਫ਼ ਪਾਣੀ ਦੀ ਅਣਉਪਲਬਧਤਾ, ਮਿਆਰੀ ਸਿੱਖਿਆ, ਚੰਗੀਆਂ ਸੜਕਾਂ ਅਤੇ ਰੁਜ਼ਗਾਰ ਦੇ ਸਾਧਨਾਂ ਵਰਗੀਆਂ ਸਮੱਸਿਆਵਾਂ ਬਾਰੇ ਵੀ ਅਕਸਰ ਚਰਚਾ ਕਰਦੇ ਦੇਖਿਆ ਜਾਂਦਾ ਹੈ।ਪ੍ਰਾਪਤ ਕਰ ਸਕਦਾ ਹੈ, ਪਰ ਕੀ ਹੁੰਦਾ ਹੈ ਉਹੀ ਹੁੰਦਾ ਹੈ - ਕਵਰ ਦੇ ਤਿੰਨ ਪੱਤੇ. ਇਸ ਕਾਰਨ ਜ਼ਮੀਨੀ ਹਕੀਕਤ ਅਜੇ ਵੀ ਮਾੜੀ ਹੈ ਅਤੇ ਸਿਰਫ਼ ਕਾਗਜ਼ਾਂ 'ਤੇ ਹੀ ਦੇਸ਼ ਦੇ ਪਿੰਡਾਂ ਦੀ ਹਾਲਤ ਰੋਜੀ ਕਹੀ ਜਾ ਸਕਦੀ ਹੈ। ਸੰਵਿਧਾਨ ਦੀ ਧਾਰਾ-21 ਤਹਿਤ ਜੀਵਨ ਜਿਊਣ ਦੀ ਆਜ਼ਾਦੀ ਹੈ। ਪਰ ਪੇਂਡੂ ਖੇਤਰਾਂ ਵਿੱਚ ਕਈ ਅਜਿਹੇ ਸਿਹਤ ਕੇਂਦਰ ਹਨ, ਜਿੱਥੇ ਸਾਲਾਂ ਤੋਂ ਡਾਕਟਰਾਂ ਨੇ ਝਾਕ ਕੇ ਵੀ ਨਹੀਂ ਦੇਖਿਆ ਕਿ ਸਰਕਾਰੀ ਇਮਾਰਤ ਅਜੇ ਵੀ ਬਰਕਰਾਰ ਹੈ ਜਾਂ ਢਹਿ ਚੁੱਕੀ ਹੈ। ਪੇਂਡੂ ਖੇਤਰਾਂ ਵਿੱਚ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਅੱਜ ਵੀ ਵੱਡੀ ਚੁਣੌਤੀ ਬਣਿਆ ਹੋਇਆ ਹੈ। ਦੇਸ਼ ਵਿੱਚ ਸਿਹਤ ਸੇਵਾਵਾਂ ਦੀ ਦੁਰਦਸ਼ਾ ਇਹ ਦੱਸਣ ਲਈ ਕਾਫੀ ਹੈਅਜੇ ਵੀ ਸਾਨੂੰ ਇਸ ਖੇਤਰ ਵਿੱਚ ਬਹੁਤ ਸੁਧਾਰ ਕਰਨ ਦੀ ਲੋੜ ਹੈ। ਸੁਧਾਰ ਸਿਰਫ਼ ਸਿਹਤ ਸੇਵਾਵਾਂ ਵਿੱਚ ਹੀ ਨਹੀਂ, ਮਾਨਸਿਕਤਾ ਵਿੱਚ ਵੀ ਤਬਦੀਲੀ ਦੀ ਲੋੜ ਹੈ। ਦੇਸ਼ ਵਿਚ ਆਜ਼ਾਦੀ ਤੋਂ ਬਾਅਦ ਭ੍ਰਿਸ਼ਟਾਚਾਰ ਦੀ ਬਿਮਾਰੀ ਵਧਦੀ ਜਾ ਰਹੀ ਹੈ, ਜਿਸ ਦਾ ਅਸਰ ਸਿਹਤ ਸੇਵਾਵਾਂ 'ਤੇ ਸਾਫ਼ ਦੇਖਿਆ ਜਾ ਸਕਦਾ ਹੈ। ਅਜਿਹੇ 'ਚ ਆਉਣ ਵਾਲੇ ਦਿਨਾਂ 'ਚ ਸਰਕਾਰਾਂ ਸਾਰਿਆਂ ਨੂੰ ਸਿਹਤ ਦੇ ਖੇਤਰ 'ਚ ਵੀ ਆਤਮ-ਨਿਰਭਰ ਹੋਣ ਲਈ ਕਹਿ ਸਕਦੀਆਂ ਹਨ, ਇਸ ਦਾ ਡਰ ਵੀ ਹੁਣ ਮੈਨੂੰ ਸਤਾਇਆ ਜਾ ਰਿਹਾ ਹੈ। ਮੀਡੀਆ ਰਿਪੋਰਟਾਂ ਦੱਸਦੀਆਂ ਹਨ ਕਿ ਬਿਹਾਰ ਦੇ 31 ਪ੍ਰਤੀਸ਼ਤ ਸਿਹਤ ਕੇਂਦਰਾਂ ਵਿੱਚ ਨਾ ਤਾਂ ਪੀਣ ਵਾਲਾ ਪਾਣੀ ਹੈ ਅਤੇ ਨਾ ਹੀ ਬਿਜਲੀ।ਸ਼੍ਰੀਮਤੀ ਬਰਸਾਤ ਦੇ ਮੌਸਮ 'ਚ ਹਸਪਤਾਲ ਦੇ ਅੰਦਰ ਪਾਣੀ ਭਰਨ ਦੀਆਂ ਤਸਵੀਰਾਂ ਲਗਭਗ ਹਰ ਕਿਸੇ ਨੇ ਦੇਖੀਆਂ ਹੋਣਗੀਆਂ। ਇਹ ਕਿਸੇ ਇੱਕ ਸੂਬੇ ਦੀ ਸਮੱਸਿਆ ਨਹੀਂ ਹੈ, ਸਗੋਂ ਪੂਰਾ ਭਾਰਤ ਸਿਹਤ ਸੇਵਾਵਾਂ ਦੀ ਦੁਰਦਸ਼ਾ ਦਾ ਸ਼ਿਕਾਰ ਹੈ। ਇਹੀ ਕਾਰਨ ਹੈ ਕਿ ਪੇਂਡੂ ਖੇਤਰਾਂ ਵਿੱਚ ਆਮ ਲੋਕ ਜਾਂ ਤਾਂ ਚਕਮਾ ਦੇ ਡਾਕਟਰਾਂ ਤੋਂ ਇਲਾਜ ਕਰਵਾਉਣ ਲਈ ਮਜ਼ਬੂਰ ਹਨ ਜਾਂ ਫਿਰ ਛੁਟਕਾਰੇ ਰਾਹੀਂ ਆਪਣੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਦੀ ਕੋਸ਼ਿਸ਼ ਕਰਦੇ ਹਨ। ਪੇਂਡੂ ਖੇਤਰਾਂ ਵਿੱਚ ਸਰਕਾਰੀ ਡਾਕਟਰਾਂ ਦੀ ਤਾਇਨਾਤੀ ਦੇ ਬਾਵਜੂਦ ਉਹ ਪਿੰਡਾਂ ਵਿੱਚ ਨਹੀਂ ਜਾਂਦੇ, ਸ਼ਹਿਰਾਂ ਵਿੱਚ ਆਪਣੇ ਮੈਡੀਕਲ ਸੈਂਟਰ ਸ਼ੁਰੂ ਕਰ ਲੈਂਦੇ ਹਨ। ਇਸ ਪਾਸੇਭਾਰਤ ਵਿੱਚ ਅੱਜ ਵੀ ਗਰੀਬ ਲੋਕ ਅਸਮਾਨਤਾ ਦੀ ਮਾਰ ਝੱਲ ਰਹੇ ਹਨ ਪਰ ਸਿਆਸੀ ਪਾਰਟੀਆਂ ਲੋਕਤੰਤਰ ਅਤੇ ਸੰਵਿਧਾਨ ਦੀ ਦੁਹਾਈ ਦੇ ਕੇ ਆਪਣਾ ਉੱਲੂ ਸਿੱਧਾ ਕਰਨ ਵਿੱਚ ਰੁੱਝੀਆਂ ਹੋਈਆਂ ਹਨ। ਜੇਕਰ ਗਰੀਬਾਂ ਅਤੇ ਪੇਂਡੂਆਂ ਦਾ ਸੱਚਮੁੱਚ ਹੀ ਧਿਆਨ ਰੱਖਣਾ ਹੈ ਤਾਂ ਉਨ੍ਹਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ ਅਤੇ ਇਹ ਮਜ਼ਬੂਤ ??ਸਿਆਸੀ ਇੱਛਾ ਸ਼ਕਤੀ ਅਤੇ ਜਨਤਕ-ਨਿੱਜੀ ਭਾਈਵਾਲੀ ਨਾਲ ਹੀ ਸੰਭਵ ਹੈ।

# ਐਮਪੀ ਅਰੋੜਾ ਨੇ ਸੰਸਦ ਵਿੱਚ ਕੈਂਸਰ ਦੀ ਜਲਦੀ ਪਛਾਣ ਦੀ ਮਹੱਤਤਾ ਦਾ ਉਠਾਇਆ ਮੁੱਦਾ


**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਕੈਂਸਰ ਦਾ ਛੇਤੀ ਪਤਾ ਲਗਾਉਣ ਦੇ ਕਈ ਤਰੀਕੇ ਹਨ, ਜਿਵੇਂ ਕਿ ਨਿਯਮਤ ਕੈਂਸਰ ਸਕ੍ਰੀਨਿੰਗ, ਸਵੈ-ਜਾਂਚ ਅਤੇ ਜਾਗਰੂਕਤਾ ਮੁਹਿੰਮਾਂ ਜੋ ਲੋਕਾਂ ਨੂੰ ਕੋਈ ਅਸਾਧਾਰਨ ਲੱਛਣ ਨਜ਼ਰ ਆਉਣ 'ਤੇ ਡਾਕਟਰੀ ਸਹਾਇਤਾ ਲੈਣ ਲਈ ਉਤਸ਼ਾਹਿਤ ਕਰਦੀਆਂ ਹਨ। ਇਹ ਉਪਾਅ ਸ਼ੁਰੂਆਤੀ ਪੜਾਅ 'ਤੇ ਕੈਂਸਰ ਦੀ ਪਛਾਣ ਕਰਨ ਵਿੱਚ ਮਦਦ ਕਰ ਸਕਦੇ ਹਨ ਜਦੋਂ ਇਹ ਵਧੇਰੇ ਇਲਾਜਯੋਗ ਹੁੰਦਾ ਹੈ ਅਤੇ ਸਰੀਰ ਦੇ ਦੂਜੇ ਹਿੱਸਿਆਂ ਵਿੱਚ ਫੈਲਣ ਦੀ ਸੰਭਾਵਨਾ ਘੱਟ ਹੁੰਦੀ ਹੈ। ਸਰਕਾਰਾਂ ਲਈ ਕੈਂਸਰ ਦੀ ਖੋਜ ਅਤੇ ਰੋਕਥਾਮ ਪ੍ਰੋਗਰਾਮਾਂ ਦੇ ਫੰਡਿੰਗ ਅਤੇ ਲਾਗੂ ਕਰਨ ਨੂੰ ਤਰਜੀਹ ਦੇਣ ਲਈ ਇਹ ਯਕੀਨੀ ਬਣਾਉਣ ਲਈ ਮਹੱਤਵਪੂਰਨ ਹੈ ਕਿ ਨਾਗਰਿਕਾਂ ਦੀ ਇਹਨਾਂ ਜੀਵਨ-ਰੱਖਿਅਕ ਦਖਲਅੰਦਾਜ਼ੀ ਤੱਕ ਪਹੁੰਚ ਹੋਵੇ। ਲੋਕਾਂ ਨੂੰ ਜਲਦੀ ਪਤਾ ਲਗਾਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਸਿੱਖਿਅਤ ਕਰਨ ਦੀ ਵੀ ਲੋੜ ਹੈ, ਤਾਂ ਜੋ ਉਹ ਆਪਣੀ ਸਿਹਤ ਦੀ ਸੁਰੱਖਿਆ ਲਈ ਲੋੜੀਂਦੇ ਕਦਮ ਚੁੱਕ ਸਕਣ।

ਦੇਸ਼ ਭਰ ਵਿੱਚ ਸਿਹਤ ਅਤੇ ਤੰਦਰੁਸਤੀ ਕੇਂਦਰਾਂ (ਐਚਡਬਲਿਊਸੀਜ਼) ਰਾਹੀਂ ਹੁਣ ਤੱਕ ਸਕ੍ਰੀਨ ਕੀਤੇ ਗਏ ਲੋਕਾਂ ਵਿੱਚ ਮੂੰਹ ਦੇ ਕੈਂਸਰ ਲਈ 20.53 ਕਰੋੜ, ਛਾਤੀ ਦੇ ਕੈਂਸਰ ਲਈ 9.62 ਕਰੋੜ ਅਤੇ ਸਰਵਾਈਕਲ ਕੈਂਸਰ ਲਈ 6.58 ਕਰੋੜ ਸ਼ਾਮਲ ਹਨ।

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸਮ੍ਰਿਤੀ ਜ਼ੁਬਿਨ ਇਰਾਨੀ ਨੇ ਇਹ ਹੈਰਾਨ ਕਰਨ ਵਾਲਾ ਖੁਲਾਸਾ ਰਾਜ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਲੁਧਿਆਣਾ (ਰਾਜ ਸਭਾ) ਤੋਂ 'ਆਪ' ਸੰਸਦ ਮੈਂਬਰ ਸੰਜੀਵ ਅਰੋੜਾ ਵੱਲੋਂ ਔਰਤਾਂ ਵਿੱਚ ਕੈਂਸਰ ਪ੍ਰਤੀ ਜਾਗਰੂਕਤਾ ਪੈਦਾ ਕਰਨ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਕੀਤਾ ਹੈ।

ਅਰੋੜਾ ਨੇ ਬ੍ਰੇਸ ?ਟ, ਸਰਵਾਈਕਲ, ਓਰਲ ਆਦਿ ਦੇ ਕੈਂਸਰਾਂ, ਜੋ ਆਮ ਤੌਰ 'ਤੇ ਔਰਤਾਂ ਨੂੰ ਪ੍ਰਭਾਵਿਤ ਕਰਦੇ ਹਨ, ਦੀ ਛੇਤੀ ਪਛਾਣ, ਰੋਕਥਾਮ, ਨਿਯੰਤਰਣ ਅਤੇ ਸਕ੍ਰੀਨਿੰਗ ਬਾਰੇ ਜਾਗਰੂਕਤਾ ਫੈਲਾਉਣ ਲਈ ਦੇਸ਼ ਭਰ ਵਿੱਚ ਸਰਕਾਰ ਦੀਆਂ ਪਹਿਲਕਦਮੀਆਂ ਬਾਰੇ ਪੁੱਛਿਆ ਸੀ। ਅਰੋੜਾ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰੀ ਮੰਤਰੀ ਨੇ ਸਦਨ ਨੂੰ ਦੱਸਿਆ ਕਿ ਛਾਤੀ ਦੇ ਕੈਂਸਰ ਸਮੇਤ ਤਿੰਨ ਆਮ ਕੈਂਸਰਾਂ ਦਾ ਛੇਤੀ ਪਤਾ ਲਗਾਉਣ ਲਈ ਮਾਨਤਾ ਪ੍ਰਾਪਤ ਸੋਸ਼ਲ ਹੈਲਥ ਐਕਟੀਵਿਸਟ ('ਆਸ਼ਾ') ਨੂੰ ਸਿਖਲਾਈ ਦਿੱਤੀ ਜਾਂਦੀ ਹੈ। ਕੇਂਦਰੀ ਮੰਤਰੀ ਨੇ ਆਪਣੇ ਜਵਾਬ ਵਿੱਚ ਅੱਗੇ ਕਿਹਾ ਕਿ ÷ਆਯੁਸ਼ਮਾਨ ਭਾਰਤ- ਸਿਹਤ ਅਤੇ ਤੰਦਰੁਸਤੀ ਕੇਂਦਰ ਯੋਜਨਾ ਦੇ ਮਾਧਿਅਮ ਨਾਲ ਵਿਆਪਕ ਪ੍ਰਾਇਮਰੀ ਹੈਲਥ ਕੇਅਰ ਦੇ ਤਹਿਤ ਕਮਿਊਨਿਟੀ ਪੱਧਰੀ ਤੰਦਰੁਸਤੀ ਗਤੀਵਿਧੀਆਂ ਅਤੇ ਟੀਚੇ ਮੁਤਾਬਿਕ ਸੰਚਾਰ ਨੂੰ ਉਤਸ਼ਾਹਿਤ ਕਰਕੇ ਕੈਂਸਰ ਦੇ ਰੋਕਥਾਮ ਵਾਲੇ ਪਹਿਲੂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ਼ ਇੰਡੀਆ (ਐਫਐਸਐਸਏਆਈ )ਦੁਆਰਾ ਸਿਹਤਮੰਦ ਭੋਜਨ ਨੂੰ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ। ਯੁਵਾ ਮਾਮਲਿਆਂ ਅਤੇ ਖੇਡਾਂ ਦੇ ਮੰਤਰਾਲੇ ਦੁਆਰਾ ਲਾਗੂ ਕੀਤੀ ਗਏ ਫਿਟ ਇੰਡੀਆ ਅੰਦੋਲਨ ਅਤੇ ਆਯੂਸ਼ ਮੰਤਰਾਲੇ ਦੁਆਰਾ ਕੀਤੀਆਂ ਗਈਆਂ



ਵੱਖ-ਵੱਖ ਯੋਗਾ ਸੰਬੰਧੀ ਗਤੀਵਿਧੀਆਂ ਗੈਰ-ਸੰਚਾਰੀ ਬਿਮਾਰੀਆਂ (ਐਨਸੀਡੀਜ਼) ਨਾਲ ਸਬੰਧਤ ਰੋਕਥਾਮ ਵਾਲੀ ਸਿਹਤ ਸੰਭਾਲ ਨੂੰ ਵੀ ਪੂਰਕ ਕਰ ਰਹੀਆਂ ਹਨ। ਇਸ ਤੋਂ ਇਲਾਵਾ, ਕੈਂਸਰ, ਡਾਇਬੀਟੀਜ਼, ਕਾਰਡੀਓਵੈਸਕੁਲਰ ਬਿਮਾਰੀਆਂ ਅਤੇ ਸਟ ?ਰੋਕ ਦੀ ਰੋਕਥਾਮ ਅਤੇ ਨਿਯੰਤਰਣ ਲਈ ਰਾਸ਼ਟਰੀ ਪ੍ਰੋਗਰਾਮ (ਐਨਪੀਸੀਡੀ ਸੀਐਸ) ਰਾਸ਼ਟਰੀ ਸਿਹਤ ਮਿਸ਼ਨ (ਐਨਐਚਐਮ) ਦੇ ਅਧੀਨ ਜਾਗਰੂਕਤਾ ਪੈਦਾ ਕਰਨ (ਆਈਈਸੀ) ਦੀਆਂ ਗਤੀਵਿਧੀਆਂ ਲਈ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵੱਲੋਂ ਉਨ੍ਹਾਂ ਦੇ ਪ੍ਰੋਗਰਾਮ ਲਾਗੂ ਕਰਨ ਦੀਆਂ ਯੋਜਨਾਵਾਂ ਦੇ ਅਨੁਸਾਰ ਸਹਾਇਤਾ ਪ੍ਰਦਾਨ ਕਰਦਾ ਹੈ।

ਕੇਂਦਰ ਸਰਕਾਰ ਐਨਐਚਐਮ ਦੇ ਹਿੱਸੇ ਵਜੋਂ ਐਨਪੀਸੀਡੀ ਸੀਐਸ ਅਧੀਨ ਰਾਜ ਸਰਕਾਰਾਂ/ਯੂਟੀ ਪ੍ਰਸ਼ਾਸਨ ਦੇ ਪ੍ਰਸ਼ੰਸ਼ਕਾਂ ਦੇ ਯਤਨਾਂ ਦੀ ਪੂਰਤੀ ਕਰਦੀ ਹੈ ਅਤੇ ਉਹਨਾਂ ਨੂੰ ਤਕਨੀਕੀ ਅਤੇ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਪ੍ਰੋਗਰਾਮ ਦੋਵਾਂ ਲਿੰਗਾਂ ਵਿਚ ਹਾਈਪਰਟੈਨਸ਼ਨ, ਸ਼ੂਗਰ ਅਤੇ ਆਮ ਕੈਂਸਰਾਂ (ਮੌਖਿਕ, ਸਰਵਾਈਕਲ ਅਤੇ ਛਾਤੀ ਦੇ ਕੈਂਸਰ) ਸਮੇਤ ਦਿੱਤੇ ਗਏ ਆਮ ਐਨਸੀਡੀਜ਼ ਦੇ ਇਲਾਜ ਲਈ ਉਚਿਤ ਪੱਧਰੀ ਸਿਹਤ ਸਹੂਲਤ ਲਈ ਰੋਕਥਾਮ, ਛੇਤੀ ਨਿਦਾਨ, ਪ੍ਰਬੰਧਨ ਅਤੇ ਰੈਫਰਲ ਲਈ ਬੁਨਿਆਦੀ ਢਾਂਚਾ, ਮਨੁੱਖੀ ਵਸੀਲੇ, ਮਨੁੱਖੀ ਸਰੋਤ ਵਿਕਾਸ, ਸਿਹਤ ਪ੍ਰੋਤਸਾਹਨ ਅਤੇ ਜਾਗਰੂਕਤਾ ਪੈਦਾ ਕਰਨ 'ਤੇ ਧਿਆਨ ਕੇਂਦਰਿਤ ਕਰਦਾ ਹੈ। ਸਰਵਾਈਕਲ ਅਤੇ ਛਾਤੀ ਦੇ ਕੈਂਸਰ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਐਨਪੀਸੀਡੀ ਸੀਐਸ ਦੇ ਤਹਿਤ, ਆਮ ਐਨਸੀਡੀਜ਼ ਦੇ ਇਲਾਜ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰ 'ਤੇ 708 ਐਨਸੀਡੀ ਕਲੀਨਿਕ ਅਤੇ ਕਮਿਊਨਟੀ ਹੈਲਥ ਸੈਂਟਰ ਪੱਧਰ 'ਤੇ 5671 ਐਨਸੀਡੀ ਕਲੀਨਿਕ ਸਥਾਪਿਤ ਕੀਤੇ ਗਏ ਹਨ।

ਇਸ ਦੌਰਾਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਮਾਨਯੋਗ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਕੈਂਸਰ ਦੇ ਇਲਾਜ ਦੇ ਬੁਨਿਆਦੀ ਢਾਂਚੇ ਦਾ ਸਮਰਥਨ ਕਰਨ ਲਈ ਵਚਨਬੱਧ ਹੈ ਅਤੇ ਸੂਬੇ ਭਰ ਵਿੱਚ ਛਾਤੀ ਦੇ ਕੈਂਸਰ ਅਤੇ ਸਰਵਾਈਕਲ ਕੈਂਸਰ ਦੀ ਜਾਂਚ ਨੂੰ ਇੱਕ ਮਿਸ਼ਨ ਵਜੋਂ ਲੈ ਕੇ ਜਾਣ ਲਈ ਵਚਨਬੱਧ ਹੈ। ਇਸ ਦਾ ਉਦੇਸ਼ ਇਸ ਘਾਤਕ ਬਿਮਾਰੀ ਦਾ ਜਲਦੀ ਪਤਾ ਲਗਾਉਣਾ ਅਤੇ ਇਸ ਦਾ ਸਫਲਤਾਪੂਰਵਕ ਇਲਾਜ ਕਰਨਾ ਹੈ। ਉਨ੍ਹਾਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸ਼ਬਦਾਂ ਨੂੰ ਯਾਦ ਕੀਤਾ, ਜਿਨ੍ਹਾਂ ਨੇ 10 ਮਾਰਚ, 2023 ਨੂੰ ਪੰਜਾਬ ਵਿਧਾਨ ਸਭਾ ਵਿੱਚ ਸਾਲ 2023-24 ਦਾ ਬਜਟ ਪੇਸ਼ ਕਰਦਿਆਂ ਕਿਹਾ ਸੀ ਕਿ "ਕੈਂਸਰ ਨੇ ਸਾਡੇ ਸੂਬੇ ਵਿੱਚ ਅਣਗਿਣਤ ਜ਼ਿੰਦਗੀਆਂ ਅਤੇ ਪਰਿਵਾਰਾਂ ਨੂੰ ਬਰਬਾਦ ਕਰ ਦਿੱਤਾ ਹੈ। ਮੈਨੂੰ ਯਾਦ ਹੈ ਕਿ ਇੱਕ ਰੇਲਗੱਡੀ ਨੂੰ ਕੈਂਸਰ ਐਕਸਪ੍ਰੈਸ ਵਜੋਂ ਬਦਨਾਮ ਕੀਤਾ ਗਿਆ ਸੀ, ਜੋ ਪੰਜਾਬੀਆਂ ਨੂੰ ਬੀਕਾਨੇਰ ਦੇ ਕੈਂਸਰ ਹਸਪਤਾਲ ਲੈ ਜਾਂਦੀ ਹੈ।÷

ਇਸ ਤੋਂ ਇਲਾਵਾ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2023-24 ਵਿੱਚ ਪੰਜਾਬ ਸਰਕਾਰ ਵੱਲੋਂ ਕੁਝ ਪ੍ਰਸਤਾਵਿਤ ਪਹਿਲਕਦਮੀਆਂ ਵਿੱਚ ਡਰੱਗ ਪ੍ਰਬੰਧਨ ਸੁਵਿਧਾਵਾਂ ਅਤੇ ਕੇਂਦਰਾਂ ਦਾ ਸੰਚਾਲਨ ਅਤੇ ਅਪਗ੍ਰੇਡ ਕਰਨਾ ਸ਼ਾਮਲ ਹੈ, ਜਿਸ ਲਈ 40 ਕਰੋੜ ਰੁਪਏ ਰੱਖੇ ਗਏ ਹਨ; ਹੋਮੀ ਭਾਭਾ ਕੈਂਸਰ ਸੈਂਟਰ ਲਈ 17 ਕਰੋੜ ਰੁਪਏ ਦੀ ਲਾਗਤ ਨਾਲ ਪੀਈਟੀ ਸਕੈਨ ਅਤੇ ਐਸਪੀਈਸੀਟੀ ਸੀਟੀ ਮਸ਼ੀਨਾਂ ਦੀ ਖਰੀਦ; ਅਤੇ 61 ਕਰੋੜ ਰੁਪਏ ਦੀ ਲਾਗਤ ਨਾਲ 24 ਘੰਟੇ ਐਮਰਜੈਂਸੀ ਰਿਸਪਾਂਸ ਸੇਵਾਵਾਂ ਪ੍ਰਦਾਨ ਕਰਨਾ ਸ਼ਾਮਲ ਹੈ। ਇਸ ਦੇ ਨਾਲ ਹੀ ਕੈਂਸਰ ਦੇ ਮਰੀਜ਼ਾਂ ਲਈ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ 119 ਕਰੋੜ ਰੁਪਏ ਦੀ ਲਾਗਤ ਨਾਲ ਸਟੇਟ ਕੈਂਸਰ ਇੰਸਟੀਚਿਊਟ ਅਤੇ ਫਾਜ਼ਿਲਕਾ ਵਿਖੇ 46 ਕਰੋੜ ਰੁਪਏ ਦੀ ਲਾਗਤ ਨਾਲ ਕੈਂਸਰ ਕੇਅਰ ਸੈਂਟਰ ਜਲਦੀ ਸ਼ੁਰੂ ਹੋਣ ਦੀ ਉਮੀਦ ਹੈ।

## ਸ਼ਾਂਤੀ ਦੇਵੀ ਕਾਲਜ ਦਾ ਸਾਲਾਨਾ ਡਿਗਰੀ ਵੰਡ ਸਮਾਰੋਹ 25 ਮਾਰਚ ਨੂੰ : ਪ੍ਰਿੰ: ਡਾ. ਰੀਨਾ ਤਲਵਾਰ



**ਦੀਨਾਨਗਰ/ਡਾ.ਰਮੇਸ਼ ਸਰੰਗਲ**


ਸਥਾਨਕ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦਾ ਸਲਾਨਾ ਡਿਗਰੀ ਵੰਡ ਸਮਾਰੋਹ 25 ਮਾਰਚ ਨੂੰ ਸਵੇਰੇ ਸਾਢੇ 9 ਵਜੇ ਕਾਲਜ ਦੇ ਆਡੀਟੋਰੀਅਮ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ 2020-21 ਦੀਆਂ ਪਾਸ ਆਊਟ ਗਰੈਜੂਏਟ ਅਤੇ ਪੋਸਟ ਗਰੈਜੂਏਟ ਵਿਦਿਆਰਥਣਾਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ । ਇਸ ਡਿਗਰੀ ਵੰਡ ਸਮਾਰੋਹ ਵਿੱਚ ਡਾ ਅਸ਼ਵਨੀ ਭੱਲਾ ਡਿਪਟੀ ਡਾਇਰੈਕਟਰ ਹਾਇਰ ਐਜੂਕੇਸ਼ਨ ਪੰਜਾਬ ਸਰਕਾਰ ਮੁੱਖ ਮਹਿਮਾਨ ਵਜੋਂ ਸ਼ਿਕਕਤ ਕਰਨਗੇ। ਇਸ ਪ੍ਰੋਗਰਾਮ ਵਾਸਤੇ ਡਿਗਰੀ ਲੈ ਰਹੀਆਂ ਵਿਦਿਆਰਥਣਾਂ ਦੀ ਰਿਹਰਸਲ 24 ਮਾਰਚ ਨੂੰ ਅਡੀਟੋਰੀਅਮ ਵਿੱਚ 12 ਵਜੇ ਹੋਵੇਗੀ। ਰਿਹਰਸਲ ਹਰ ਡਿਗਰੀ ਲੈਣ ਵਾਲੀ ਵਿਦਿਆਰਥਣ ਲਈ ਜ਼ਰੂਰੀ ਹੋਵੇਗੀ।

## ਪੁਸਤਕ ਰੀਵਿਊ : ਪੁਸਤਕ ਲੜੀ : ਮੇਲਾ (ਮੈਗਜ਼ੀਨ ਅੰਕ 21-22)

* ਸੰਪਾਦਕ : ਰਜਿੰਦਰ ਮਾਜ਼ੀ
* ਪ੍ਰਕਾਸ਼ਕ : ਮਾਡਲ ਟਾਊਨ, ਅਬੋਹਰ
* ਪੰਨੇ : 144
* ਮੁੱਲ : 100/- ਰੁਪਏ

ਅਦਾਰਾ ਜਨ ਦਸਤਕ ਦੀ ਪੇਸ਼ਕਸ਼ ਪੁਸਤਕ ਲੜੀ 'ਮੇਲਾ' ਦਾ 21-22 ਅੰਕ (ਜਨਵਰੀ-ਜੂਨ 2023) 'ਕਵਿਤਾ ਵਿਸ਼ੇਸ਼ ਅੰਕ' ਹੈ। ਮੈਗਜ਼ੀਨ ਦੇ ਸੰਪਾਦਕ ਰਜਿੰਦਰ ਮਾਜ਼ੀ ਅਤੇ ਸਰਪ੍ਰਸਤ ਬੀਬਾ ਬਲਵੰਤ, ਮੁਖਤਾਰ ਗਿੱਲ, ਡਾ. ਸ਼ਿਆਮ ਸੁੰਦਰ ਦੀਪਤੀ ਨੇ ਬੜੀ ਮਿਹਨਤ ਤੇ ਰੀਝ ਨਾਲ ਇਹ ਅੰਕ ਛਾਪਿਆ ਹੈ। ਇਸਤੋਂ ਪਹਿਲਾਂ ਬਲਵੰਤ ਗਾਰਗੀ ਅੰਕ (ਅਪਰੈਲ-ਦਸੰਬਰ 2022) ਵੀ ਕਾਫ਼ੀ ਮਕਬੂਲ ਹੋਇਆ ਸੀ।

ਮੈਗਜ਼ੀਨ ਵਿੱਚ ਸਿਰਫ਼ ਪੰਨਾ ਨੰ. 4 ਤੇ ਸੰਪਾਦਕੀ ਸਫ਼ਾ ਹੈ ਤੇ 5-131 ਪੰਨਿਆਂ ਤੱਕ ਨਿਰੋਲ ਕਵਿਤਾਵਾਂ ਹਨ, ਮੌਲਿਕ ਵੀ ਤੇ ਅਨੁਵਾਦਿਤ ਵੀ। ਸਰਵਰਕ ਦੇ ਅੰਦਰਵਾਰ ਤੇ ਅੰਤਲੇ ਪਾਸੇ ਅਨੁਵਾਦਿਤ ਕਵਿਤਾਵਾਂ ਹਨ- ਹਿੰਦੀ ਅਤੇ ਅੰਗਰੇਜ਼ੀ ਤੋਂ, ਜਿਨ੍ਹਾਂ ਨੂੰ ਕ੍ਰਮਵਾਰ ਬੀਬਾ ਬਲਵੰਤ ਅਤੇ ਪ੍ਰੋ. ਨਵ ਸੰਗੀਤ ਸਿੰਘ ਨੇ ਅਨੁਵਾਦ ਕੀਤਾ ਹੈ। ਪੁਰਾਣੇ-ਨਵੇਂ ਕਵੀਆਂ ਵਿੱਚ ਸੁਲਤਾਨ ਬਾਹੂ, ਸ਼ਾਹ ਹੁਸੈਨ, ਬੁਲ੍ਹੇ ਸ਼ਾਹ, ਵਾਰਿਸ ਸ਼ਾਹ ਦੇ ਨਾਲ-ਨਾਲ ਭਾਈ ਵੀਰ ਸਿੰਘ, ਪ੍ਰੋ. ਪੂਰਨ ਸਿੰਘ, ਸ਼ਿਵ ਕੁਮਾਰ, ਬਾਬੂ ਰਜਬ ਅਲੀ, ਸੁਖਬੀਰ, ਸੁਤਿੰਦਰ ਸਿੰਘ ਨੂਰ, ਭੂਸ਼ਨ ਧਿਅਨਪੁਰੀ ਸਮੇਤ ਰਵਿੰਦਰ ਰਵੀ, ਸੁਰਜੀਤ ਪਾਤਰ, ਮੋਹਨਜੀਤ, ਦਰਸ਼ਨ




ਬੁੱਟਰ, ਗੁਰਭਜਨ ਗਿੱਲ, ਲਖਵਿੰਦਰ ਜੌਹਲ, ਲੋਕਨਾਥ, ਜਗਦੀਪ ਸਿੱਧੂ, ਹਰਮੀਤ ਵਿਦਿਆਰਥੀ, ਜਸਵੰਤ ਜ਼ਫ਼ਰ, ਸੁਖਵਿੰਦਰ ਅੰਮ੍ਰਿਤ, ਗੁਰਤੇਜ ਕੋਹਾਰਵਾਲਾ, ਵਿਜੈ ਵਿਵੇਕ, ਤ੍ਰੈਲੋਚਨ ਲੋਚੀ, ਸਰਦਾਰ ਪੰਛੀ, ਅਮਿਤੋਜ, ਲਾਲ ਸਿੰਘ ਦਿਲ, ਮਨਜੀਤ ਟਿਵਾਣਾ, ਸੁਰਿੰਦਰ ਮਕਸੂਦਪੁਰੀ, ਸੁਖਿੰਦਰ, ਹਰਦੀਪ ਸਭਰਵਾਲ ਜਿਹੇ ਪ੍ਰਸਿੱਧ, ਚਰਚਿਤ ਤੇ ਉਭਰਦੇ ਕਵੀਆਂ ਦੀ ਭਰਵੀਂ ਹਾਜ਼ਰੀ ਹੈ।

ਹਿੰਦੀ, ਉਰਦੂ, ਬ੍ਰਾਜ਼ੀਲ, ਆਦਿਵਾਸੀ ਕਵਿਤਾਵਾਂ ਦੇ ਨਾਲ ਪਾਕਿਸਤਾਨ ਦੇ ਹਰਮਨ ਪਿਆਰੇ ਕਵੀਆਂ ਬਾਬਾ ਨਜਮੀ, ਸਾਰਾ ਸ਼ਗੁਫ਼ਤਾ, ਤਾਹਿਰਾ ਸਰਾ, ਸ਼ਾਇਸਤਾ ਹਬੀਬ, ਪ੍ਰੋ. ਏਜਾਜ਼, ਅਦਾ ਜਾਫ਼ਰੀ, ਬੁਸ਼ਰਾ ਸਈਦ ਨੇ ਵੀ 'ਮੇਲਾ' ਵਿੱਚ ਦਸਤਕ ਦਿੱਤੀ ਹੈ। ਸਿੰਧੀ ਸੂਫ਼ੀ ਕਵੀ ਸ਼ਾਹ ਅਬਦੁਲ ਲਤੀਫ਼ ਭਿਟਾਈ ਦੀਆਂ 6 ਕਵਿਤਾਵਾਂ ਨੂੰ ਬੜੇ ਸੁਹਜ ਨਾਲ ਸਰਵਰਕ ਤੇ ਪ੍ਰਕਾਸ਼ਿਤ ਕੀਤਾ ਗਿਆ ਹੈ। ਇਸ ਅੰਕ ਵਿੱਚ ਕੁੱਲ 120 ਕਵੀਆਂ ਦੀਆਂ ਕਵਿਤਾਵਾਂ ਹਨ ਪਰ ਇਨ੍ਹਾਂ ਨੂੰ ਕਿਸੇ ਲੜੀ ਜਾਂ ਵਿਉਂਤ (ੳ, ਅ, ੲ ਜਾਂ ਜਨਮ ਮਿਤੀ) ਮੁਤਾਬਕ ਨਹੀਂ ਛਾਪਿਆ ਗਿਆ। ਜਿੱਥੇ ਜਿਸਨੂੰ ਥਾਂ ਮਿਲੀ, ਛਾਪ ਦਿੱਤਾ ਗਿਆ। ਕੁਝ-ਇੱਕ ਕਵੀਆਂ ਦੀਆਂ ਤਸਵੀਰਾਂ ਵੀ ਛਪੀਆਂ ਹਨ।

ਅੰਤ ਵਿੱਚ 6 ਪੰਨਿਆਂ (132-137) ਤੇ ਬੀਬਾ ਬਲਵੰਤ ਦੀ ਸ਼ਾਹਮੁਖੀ ਵਿੱਚ ਪ੍ਰਕਾਸ਼ਿਤ ਕਿਤਾਬ 'ਸਹਿਜ ਸੁਖਨ' ਬਾਰੇ ਡਾ. ਸ਼ਾਹਿਦਾ ਦਿਲਾਵਰ ਸ਼ਾਹ ਦਾ ਆਰਟੀਕਲ ਹੈ, ਅਗਲੇ 4 ਪੰਨਿਆਂ (138-141 ਤੇ ਗੁਰਭਜਨ ਗਿੱਲ, ਸੁਰਿੰਦਰ ਰਾਮਪੁਰੀ ਤੇ ਗੁਲਜ਼ਾਰ ਸਿੰਘ ਸੰਧੂ ਦੇ 'ਬਲਵੰਤ ਗਾਰਗੀ ਵਿਸ਼ੇਸ਼ ਅੰਕ' ਬਾਰੇ ਰੀਵਿਊ ਹਨ, ਅਗਲੇਰੇ ਪੰਨਿਆਂ (142-144) ਤੇ ਪੀਪਲਜ਼ ਲਿਟਰੇਰੀ ਫ਼ੈਸਟੀਵਲ ਤੇ ਕੁਝ ਹੋਰ ਪ੍ਰੋਗਰਾਮਾਂ ਦੀਆਂ ਤਸਵੀਰਾਂ ਸਹਿਤ ਝਲਕੀਆਂ ਹਨ। ਇਸ ਤਰ੍ਹਾਂ ਪੱਤ੍ਰਿਕਾ ਨੇ ਨਵੇਂ-ਪੁਰਾਣੇ ਕਵੀਆਂ ਦੀ ਸ਼ਾਇਰੀ ਦੇ ਰੂਬਰੂ ਕਰਨ ਦਾ ਚੰਗਾ ਉੱਦਮ ਕੀਤਾ ਹੈ।



ਅਦਾਰਾ ਲੋਕ ਬਾਣੀ ਵਿੱਚ ਛਾਪੀਆਂ ਜਾਂਦੀਆਂ ਖਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨ੍ਹਾਂ ਤੱਥਾਂ ਦੀ ਪੜ੍ਹਤਾਲ, ਪੁਸ਼ਟੀ ਕਰ ਲੈਣ। ਰੋਜਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾ ਦਾ ਨਿਪਟਾਰਾ ਸਿਰਫ਼ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ ਖਬਰਾਂ ਪ੍ਰਤੀ ਜੁਮੇਵਾਰੀ ਸੰਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



**ਅਮਨਦੀਪ ਮਹਿਰਾ**
ਮੁੱਖ ਸੰਪਾਦਕ ਰੋਜ਼ਾਨਾ ਲੋਕ ਬਾਣੀ ਜਲੰਧਰ



**ਅੰਮ੍ਰਿਤਪਾਲ ਸਿੰਘ**
ਐਡਵੋਕੇਟ, ਸਬ-ਅਡੀਟਰ ਰੋਜ਼ਾਨਾ ਲੋਕ ਬਾਣੀ



**ਕੁਲਵੰਤ ਰਾਏ**
ਮੈਨੇਜਿੰਗ ਡਾਇਰੈਕਟਰ ਰੋਜ਼ਾਨਾ ਲੋਕ ਬਾਣੀ



**ਵਿਨੈਪਾਲ ਸਿੰਘ**
ਉਪ ਸੰਪਾਦਕ, ਰੋਜ਼ਾਨਾ ਲੋਕ ਬਾਣੀ



**ਹਰਬੰਸ ਸਿੰਘ ਬਿੱਟੂ**
ਪੱਤਰਕਾਰ ਜਲੰਧਰ, ਰੋਜ਼ਾਨ ਲੋਕ ਬਾਣੀ



**ਭੁਪਿੰਦਰ ਸਿੰਘ**
ਸਲਾਹਕਾਰ ਰੋਜਾਨਾ ਲੋਕ ਬਾਣੀ



**ਵਰਿੰਦਰ ਕੁਮਾਰ**
ਵੀਡੀਓ ਵਿਭਾਗ ਇੰਚਾਰਜ ਰੋਜ਼ਾਨਾ ਲੋਕ ਬਾਣੀ



**ਸੁਖਚੈਨ ਮਹਿਰਾ**
ਮਾਲਵਾ ਬਿਓਰੋ ਰੋਜ਼ਾਨਾ ਲੋਕ ਬਾਣੀ



**ਡਾ. ਰਮੇਸ਼ ਕੁਮਾਰ**
ਸਲਾਹਕਾਰ ਰੋਜ਼ਾਨਾ ਲੋਕ ਬਾਣੀ



**ਨਵਨੀਤ ਕੁਮਾਰ**
ਇੰਚਾਰਜ਼ ਪੰਜਾਬ ਰੋਜ਼ਾਨਾ ਲੋਕ ਬਾਣੀ



**ਰਜਿੰਦਰ ਕੁਮਾਰ**
ਸੀਨੀਅਰ ਚੀਫ ਫੋਟੋਗ੍ਰਾਫਰ ਜਲੰਧਰ


SHAHEED BABA NIHAL SINGH CHARITABLE HOSPITA
Near Gurudwara Talhan, VPO-Talhan, Distt. Jalandhar, Ph. 0181-27708
Ambulance Service 24hrs.

FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations

Free Medicin for 9am to 5pm

जय भवानी
जय मस्तां दी
जय शिव शंकर
संकट मोचन दरबार
जो आवे सो राजी जावे
Mob.: 98151-01551
39-A, SHANKER GARDEN, NEAR INCOME TAX COLONY, JALANDHAR
E-mail: luckchanger@consultant.com

राजीव शर्मा

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PAS
JALANDHAR CITY
www.dipsimt@gmail.com | dipsimt@gmail.co
CONTACT : 95010-00697, 97806-0099